ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਸੋਮਵਾਰ, 12 ਅਕਤੂਬਰ 2026 (ਨਾਨਕਸ਼ਾਹੀ ਸੰਮਤ : ੫੫੮, ੨੬ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਗੁਰਦੁਆਰਿਆਂ ਨੂੰ ਸਿਆਸਤ ਲਈ ਵਰਤਣ ਵਾਲਿਆਂ ਨੂੰ ਮੁਆਫ਼ੀ ਨਹੀਂ: ਹਰਮੀਤ ਸਿੰਘ ਕਾਲਕਾ

**ਨਵੀਂ ਦਿੱਲੀ, 11 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਨੇ ਆਮ ਆਦਮੀ ਪਾਰਟੀ 'ਤੇ ਗੁਰਦੁਆਰਾ ਬੰਗਲਾ ਸਾਹਿਬ ਨੂੰ ਸਿਆਸਤ ਵਿੱਚ ਘਸੀਟਣ ਦੇ ਗੰਭੀਰ ਦੋਸ਼ ਲਗਾਏ ਹਨ। ਉਨ੍ਹਾਂ ਸਪੱਸ਼ਟ ਕੀਤਾ ਹੈ ਕਿ ਧਾਰਮਿਕ ਅਸਥਾਨਾਂ ਨੂੰ ਸਿਆਸੀ ਲਾਹੇ ਲਈ ਵਰਤਣ ਵਾਲਿਆਂ ਨੂੰ ਕਦੇ ਵੀ ਮੁਆਫ਼ ਨਹੀਂ ਕੀਤਾ ਜਾ ਸਕਦਾ। ਬੀਤੇ ਦਿਨ ਪ੍ਰਦਰਸ਼ਨਕਾਰੀਆਂ ਨੂੰ ਫੜਨ ਲਈ ਪੁਲਿਸ ਦੇ ਗੁਰਦੁਆਰਾ ਸਾਹਿਬ ਦੇ ਅੰਦਰ ਦਾਖਲ ਹੋਣ ਦੇ ਵਿਵਾਦ 'ਤੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਗੁਰਦੁਆਰੇ ਸਿਆਸੀ ਲੜਾਈਆਂ ਦੇ ਅਖਾੜੇ ਨਹੀਂ ਹਨ ਅਤੇ ਉੱਥੇ ਪ੍ਰਦਰਸ਼ਨਕਾਰੀਆਂ ਨੂੰ ਪਨਾਹ ਦੇਣ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ। ਕਾਲਕਾ ਨੇ ਕਿਹਾ, "ਗੁਰਦੁਆਰੇ ਵਿੱਚ ਪੁਲਿਸ ਨੂੰ ਤੁਰਦਿਆਂ ਦੇਖ ਕੇ ਲੋਕਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚੀ ਹੈ, ਪਰ ਪੁਲੀਸ ਉੱਥੇ ਉਨ੍ਹਾਂ ਪ੍ਰਦਰਸ਼ਨਕਾਰੀਆਂ ਨੂੰ ਕਾਬੂ ਕਰਨ ਗਈ ਸੀ ਜੋ ਅੰਦਰ ਸਿਆਸੀ ਨਾਅਰੇਬਾਜ਼ੀ ਕਰ ਰਹੇ ਸਨ ਅਤੇ ਹੱਥਾਂ ਵਿੱਚ ਸਿਆਸੀ ਤਖ਼ਤੀਆਂ ਫੜ ਕੇ ਬੈਠੇ ਸਨ। ਗੁਰਦੁਆਰੇ ਵਿੱਚ ਅਜਿਹਾ ਕਰਨਾ ਬਿਲਕੁਲ ਵੀ ਬਰਦਾਸ਼ਤਯੋਗ ਨਹੀਂ ਹੈ ਅਤੇ 'ਆਪ' ਇਸ ਮੁੱਦੇ 'ਤੇ ਗੰਦੀ ਰਾਜਨੀਤੀ ਕਰ ਰਹੀ ਹੈ। ਪਵਿੱਤਰ ਅਸਥਾਨਾਂ ਨੂੰ ਸਿਆਸੀ ਅਖਾੜਾ ਬਣਾਉਣ ਵਾਲਿਆਂ ਲਈ ਕੋਈ ਮੁਆਫ਼ੀ ਨਹੀਂ ਹੈ।" ਇਸ ਦੌਰਾਨ ਦਿੱਲੀ ਪੁਲਿਸ ਨੇ ਉਨ੍ਹਾਂ ਵੀਡੀਓਜ਼ ਨੂੰ ਵਾਇਰਲ ਕਰਨ ਵਾਲਿਆਂ ਖ਼ਿਲਾਫ਼ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਵੱਡਾ ਹਾਦਸਾ ਟਲਿਆ

# ਇੰਡੀਗੋ ਦੀ ਫਲਾਈਟ ਦੇ ਕੈਬਿਨ 'ਚ ਲੱਗੀ ਅੱਗ

**ਨਵੀਂ ਦਿੱਲੀ, 11 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਤੋਂ ਚੇਨਈ ਜਾ ਰਹੀ ਇੰਡੀਗੋ ਦੀ ਇੱਕ ਉਡਾਣ ਨੂੰ ਐਤਵਾਰ, 11 ਅਕਤੂਬਰ, 2026 ਨੂੰ ਹੈਦਰਾਬਾਦ ਭੇਜ ਦਿੱਤਾ ਗਿਆ, ਜਦੋਂ ਇੱਕ ਯਾਤਰੀ ਦੇ ਨਿੱਜੀ ਇਲੈਕਟ੍ਰਾਨਿਕ ਯੰਤਰ ਵਿੱਚੋਂ ਧੂੰਆਂ ਨਿਕਲਦਾ ਦੇਖਿਆ ਗਿਆ। ਫਲਾਈਟ FE 6115, ਹੈਦਰਾਬਾਦ ਦੇ ਸ਼ਮਸ਼ਾਬਾਦ ਵਿੱਚ ਰਾਜੀਵ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਸੁਰੱਖਿਅਤ ਉਤਰ ਗਈ, ਜਦੋਂ ਪਾਇਲਟਾਂ ਨੇ ਸਥਾਪਿਤ ਸੁਰੱਖਿਆ ਪ੍ਰੋਟੋਕੋਲ ਦੇ ਅਨੁਸਾਰ ਜਹਾਜ਼ ਨੂੰ ਡਾਇਵਰਟ ਕਰ ਦਿੱਤਾ।



ਇੰਡੀਗੋ ਦੇ ਬੁਲਾਰੇ ਦੇ ਅਨੁਸਾਰ, ਕੈਬਿਨ ਕਰੂ ਨੇ ਤੁਰੰਤ ਜਵਾਬ ਦਿੱਤਾ ਅਤੇ ਜਹਾਜ਼ ਦੇ ਉਤਰਨ ਤੋਂ ਪਹਿਲਾਂ ਸਥਿਤੀ ਨੂੰ ਕਾਬੂ ਵਿੱਚ ਲਿਆਂਦਾ। ਏਅਰਲਾਈਨ ਨੇ ਸ਼ਾਮਲ ਇਲੈਕਟ੍ਰਾਨਿਕ ਯੰਤਰ ਦੀ ਕਿਸਮ ਜਾਂ ਧੂੰਏਂ ਦੇ ਸਹੀ ਕਾਰਨ ਦਾ ਖੁਲਾਸਾ ਨਹੀਂ ਕੀਤਾ। ਮੁੱਢਲੀ ਜਾਣਕਾਰੀ ਤੋਂ ਪਤਾ ਲੱਗਿਆ ਹੈ ਕਿ ਜਹਾਜ਼ ਵਿੱਚ ਇੱਕ ਯਾਤਰੀ ਦੇ ਪਾਵਰ ਬੈਂਕ ਵਿੱਚ ਅੱਗ ਲੱਗ ਗਈ ਹੋਵੇਗੀ। ਹਾਲਾਂਕਿ, ਇੰਡੀਗੋ ਨੇ ਇਸ ਗੱਲ ਦੀ ਪੁਸ਼ਟੀ ਨਹੀਂ ਕੀਤੀ ਕਿ ਇਹ ਡਿਵਾਈਸ ਪਾਵਰ ਬੈਂਕ ਸੀ ਜਾਂ ਨਹੀਂ। ਇੰਡੀਗੋ ਨੇ ਕਿਹਾ ਕਿ ਉਸਨੇ ਡਾਇਵਰਸ਼ਨ ਤੋਂ ਬਾਅਦ ਯਾਤਰੀਆਂ ਨੂੰ ਚੇਨਈ ਲਿਜਾਣ ਲਈ ਇੱਕ ਹੋਰ ਜਹਾਜ਼ ਦਾ ਪ੍ਰਬੰਧ ਕੀਤਾ। ਏਅਰਲਾਈਨ ਨੇ ਹੋਈ ਅਸੁਵਿਧਾ ਲਈ ਮੁਆਫੀ ਮੰਗੀ ਅਤੇ ਕਿਹਾ ਕਿ ਉਹ ਯਾਤਰੀਆਂ ਨੂੰ ਹੋਣ ਵਾਲੀ ਰੁਕਾਵਟ ਨੂੰ ਘੱਟ ਤੋਂ ਘੱਟ ਕਰਨ ਲਈ ਕਦਮ ਚੁੱਕ ਰਹੀ ਹੈ। ਬੁਲਾਰੇ ਨੇ ਕਿਹਾ, "ਅਸੀਂ ਇਸ ਅਣਕਿਆਸੀ ਸਥਿਤੀ ਕਾਰਨ ਆਪਣੇ ਗਾਹਕਾਂ ਨੂੰ ਹੋਈ ਅਸੁਵਿਧਾ ਲਈ ਅਫ਼ਸੋਸ ਕਰਦੇ ਹਾਂ ਅਤੇ ਇਸਨੂੰ ਘੱਟ ਤੋਂ ਘੱਟ ਕਰਨ ਲਈ ਸਾਰੇ ਯਤਨ ਕਰ ਰਹੇ ਹਾਂ, ਜਿਸ ਵਿੱਚ ਰਿਫਰੈਸ਼ਮੈਂਟ ਦੀ ਪੇਸ਼ਕਸ਼ ਕਰਨਾ ਅਤੇ ਸਮੇਂ ਸਿਰ ਅਪਡੇਟਸ ਸਾਂਝੇ ਕਰਨਾ ਸ਼ਾਮਲ ਹੈ।" ਏਅਰਲਾਈਨ ਨੇ ਦੁਹਰਾਇਆ ਕਿ ਯਾਤਰੀਆਂ ਅਤੇ ਚਾਲਕ ਦਲ ਦੀ ਸੁਰੱਖਿਆ ਉਸਦੀ ਪਹਿਲੀ ਤਰਜੀਹ ਬਣੀ ਹੋਈ ਹੈ। ਇੰਡੀਗੋ ਦੀ ਨੀਤੀ ਦੇ ਤਹਿਤ, ਯਾਤਰੀ ਵੱਧ ਤੋਂ ਵੱਧ ਦੋ ਵਾਧੂ ਲਿਥੀਅਮ-ਆਇਨ ਬੈਟਰੀਆਂ ਲੈ ਸਕਦੇ ਹਨ, ਜਿਨ੍ਹਾਂ ਵਿੱਚ ਪਾਵਰ ਬੈਂਕ ਵੀ ਸ਼ਾਮਲ ਹਨ, ਜਿਨ੍ਹਾਂ ਦੀ ਸਮਰੱਥਾ 100 ਵਾਟ-ਘੰਟੇ ਤੱਕ ਹੈ, ਜੋ ਕਿ ਹਵਾਈ ਅੱਡੇ ਦੀ ਸੁਰੱਖਿਆ ਮਨਜ਼ੂਰੀ ਦੇ ਅਧੀਨ ਹੈ।

## ਯਾਤਰੀਆਂ ਨਾਲ ਭਰੀ ਕਿਸ਼ਤੀ ਪਲਟੀ, 109 ਪ੍ਰਵਾਸੀਆਂ ਦੀ ਮੌਤ

**ਜਨੇਵਾ, 11 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੂਰਬੀ ਅਫਰੀਕਾ ਦੇ ਜਿਬੂਤੀ ਤੱਟ ਨੇੜੇ 305 ਲੋਕਾਂ ਨੂੰ ਲੈ ਕੇ ਜਾ ਰਹੀ ਇੱਕ ਕਿਸ਼ਤੀ ਦੇ ਪਲਟਣ ਦੀ ਜਾਣਕਾਰੀ ਸਾਹਮਣੇ ਆਈ ਹੈ। ਇਸ ਹਾਦਸੇ ਵਿਚ ਘੱਟੋ-ਘੱਟ 109 ਪ੍ਰਵਾਸੀਆਂ ਦੀ ਮੌਤ ਹੋ ਗਈ ਹੈ, ਜਿਨ੍ਹਾਂ ਵਿੱਚ 15 ਬੱਚੇ ਵੀ ਸ਼ਾਮਲ ਹਨ। ਅੰਤਰਰਾਸ਼ਟਰੀ ਪ੍ਰਵਾਸ ਸੰਗਠਨ (IOM) ਨੇ ਇਸ ਸਬੰਧੀ ਜਾਣਕਾਰੀ ਦਿੱਤੀ ਹੈ। IOM ਅਨੁਸਾਰ, ਇਹ ਕਿਸ਼ਤੀ ਜਿਬੂਤੀ ਤੋਂ ਯਮਨ ਵੱਲ ਜਾ ਰਹੀ ਸੀ ਜਦੋਂ ਵੀਰਵਾਰ ਰਾਤ ਜਾਂ ਸ਼ੁੱਕਰਵਾਰ ਸਵੇਰੇ ਇਹ ਹਾਦਸਾਗ੍ਰਸਤ ਹੋ ਗਈ। ਇਸ ਹਾਦਸੇ ਵਿੱਚ 52 ਮਰਦਾਂ, 42 ਔਰਤਾਂ ਅਤੇ 15 ਬੱਚਿਆਂ ਦੀ ਮੌਤ ਹੋ ਗਈ। 80 ਤੋਂ ਵੱਧ ਲੋਕ ਇਸ ਹਾਦਸੇ ਵਿੱਚ ਬਚ ਗਏ, ਜਦੋਂ ਕਿ ਘੱਟੋ-ਘੱਟ 116 ਹੋਰ ਲੋਕ ਅਜੇ ਵੀ ਲਾਪਤਾ ਹਨ। IOM ਨੇ ਆਪਣੇ ਬਿਆਨ ਵਿੱਚ ਕਿਹਾ ਕਿ 'ਹੌਰਨ ਆਫ਼ ਅਫਰੀਕਾ' ਤੋਂ ਹਜ਼ਾਰਾਂ ਪ੍ਰਵਾਸੀ ਸੁਰੱਖਿਆ ਅਤੇ ਆਰਥਿਕ ਮੌਕਿਆਂ ਦੀ ਭਾਲ ਵਿੱਚ ਜਿਬੂਤੀ ਰਾਹੀਂ ਅਤੇ 'ਬਾਬ-ਅਲ-ਮੰਦੇਬ' ਜਲਡਮਰੂਮੱਧ ਨੂੰ ਪਾਰ ਕਰਕੇ ਖਾੜੀ ਦੇਸ਼ਾਂ ਵੱਲ ਜਾਂਦੇ ਹਨ। ਯਮਨ ਵਿੱਚ ਹਿੰਸਾ ਦੇ ਬਾਵਜੂਦ ਇਹ ਆਵਾਜਾਈ ਜਾਰੀ ਹੈ। ਜਿਬੂਤੀ ਵਿੱਚ IOM ਦੇ ਮਿਸ਼ਨ ਮੁਖੀ ਅਲੈਗਜ਼ੈਂਡਰ ਕੋਇਸਾਕ ਨੇ ਕਿਹਾ, "ਇਹ ਜਾਨਾਂ ਦਾ ਬਹੁਤ ਵੱਡਾ ਨੁਕਸਾਨ ਹੈ। ਇਹ ਦੁਖਾਂਤ ਉਸ ਖਤਰੇ ਦੀ ਸਪੱਸ਼ਟ ਯਾਦ ਦਿਵਾਉਂਦਾ ਹੈ ਜਿਸ ਦਾ ਸਾਹਮਣਾ ਪ੍ਰਵਾਸੀ ਇਸ ਪ੍ਰਵਾਸ ਮਾਰਗ 'ਤੇ ਆਰਥਿਕ ਮੌਕਿਆਂ ਦੀ ਭਾਲ ਦੌਰਾਨ ਕਰਦੇ ਹਨ।"



## ਪਰਗਟ ਸਿੰਘ ਦੀ ਪੰਜਾਬ ਕਾਂਗਰਸ ਪ੍ਰਧਾਨ ਵਜੋਂ ਤਾਜਪੋਸ਼ੀ, ਕਿਹਾ 'ਜੋਸ਼ ਅਤੇ ਹੋਸ਼ ਦੇ ਸੁਮੇਲ ਨਾਲ ਅੱਗੇ ਵਧੇਗੀ ਕਾਂਗਰਸ'



**ਚੰਡੀਗੜ੍ਹ, 11 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਕਾਂਗਰਸ ਦੇ ਨਵੇਂ ਪ੍ਰਧਾਨ ਪਰਗਟ ਸਿੰਘ ਨੇ ਆਪਣਾ ਅਹੁਦਾ ਅੱਜ ਰਸਮੀਂ ਤੌਰ 'ਤੇ ਸੰਭਾਲ ਲਿਆ ਹੈ। ਪਰਗਟ ਸਿੰਘ ਨੇਤਾਜਪੋਸ਼ੀ ਮੌਕੇ ਪਾਰਟੀ ਨੂੰ ਅੱਗੇ ਲਿਜਾਣ ਲਈ ਜੋਸ਼ ਦੇ ਨਾਲ ਹੋਸ਼ ਅਤੇ ਸੰਜਮ ਨਾਲ ਕੰਮ ਕਰਨ ਦਾ ਸੱਦਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਦੀ ਲੜਾਈ ਕਿਸੇ ਇੱਕ ਸਿਆਸੀ ਪਾਰਟੀ ਨਾਲ ਨਹੀਂ, ਸਗੋਂ ਉਨ੍ਹਾਂ ਤਾਕਤਾਂ ਨਾਲ ਹੈ, ਜੋ ਸਮਾਜ 'ਚ ਨਫ਼ਰਤ ਫੈਲਾਉਣ ਦਾ ਕੰਮ ਕਰਦੀਆਂ ਹਨ। ਉਨ੍ਹਾਂ ਨੇ ਕਾਂਗਰਸ ਦੇ ਸੀਨੀਅਰ ਆਗੂ ਰਾਹੁਲ ਗਾਂਧੀ ਦੀ ਅਗਵਾਈ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਹ ਬੇਬਾਕੀ ਨਾਲ ਆਪਣੀ ਗੱਲ ਰੱਖ ਰਹੇ ਹਨ ਅਤੇ ਦੇਸ਼ ਦੇ ਮੁੱਦਿਆਂ 'ਤੇ ਆਵਾਜ਼ ਉਠਾ ਰਹੇ ਹਨ। ਪਰਗਟ ਸਿੰਘ ਨੇ ਕਿਹਾ ਕਿ ਮੌਜੂਦਾ ਸਮੇਂ 'ਚ ਪਾਰਟੀ ਦੇ ਵਰਕਰਾਂ ਅਤੇ ਆਗੂਆਂ ਲਈ ਇਹ ਬਹੁਤ ਜ਼ਰੂਰੀ ਹੈ ਕਿ ਉਹ ਜੋਸ਼ 'ਚ ਆ ਕੇ ਅਜਿਹਾ ਕੋਈ ਕਦਮ ਨਾ ਚੁੱਕਣ, ਜਿਸ ਨਾਲ ਪਾਰਟੀ ਦੇ ਅਸਲ ਮਕਸਦ ਤੋਂ ਧਿਆਨ ਭਟਕ ਜਾਵੇ। ਉਨ੍ਹਾਂ ਨੇ ਆਪਣੇ ਸੰਬੋਧਨ ਦੌਰਾਨ ਨਾਅਰੇਬਾਜ਼ੀ ਕਰ ਰਹੇ ਵਰਕਰਾਂ ਨੂੰ ਵੀ ਰੁਕਣ ਅਤੇ ਧਿਆਨ ਨਾਲ ਗੱਲ ਸੁਣਨ ਲਈ ਕਿਹਾ। ਇਸ ਰਾਹੀਂ ਉਨ੍ਹਾਂ ਨੇ ਸਪੱਸ਼ਟ ਸੁਨੇਹਾ ਦਿੱਤਾ ਕਿ ਕਾਂਗਰਸ ਦੀ ਅਗਲੀ ਸਿਆਸੀ ਪਾਰੀ 'ਚ ਅਨੁਸ਼ਾਸਨ, ਸੰਜਮ ਅਤੇ ਸਪੱਸ਼ਟ ਰਣਨੀਤੀ ਅਹਿਮ ਰਹੇਗੀ। ਪਰਗਟ ਸਿੰਘ ਨੇ ਆਪਣੇ ਸੰਬੋਧਨ 'ਚ ਰਾਹੁਲ ਗਾਂਧੀ ਦਾ ਜ਼ਿਕਰ ਕਰਦਿਆਂ ਕਿਹਾ ਕਿ ਉਹ ਬੱਬਰ ਸ਼ੇਰ ਵਾਂਗ ਆਪਣੀ ਗੱਲ ਰੱਖ ਰਹੇ ਹਨ। ਉਨ੍ਹਾਂ ਮੁਤਾਬਕ ਪਿਛਲੇ ਕਈ ਸਾਲਾਂ ਤੋਂ ਰਾਹੁਲ ਗਾਂਧੀ ਨੂੰ ਲੈ ਕੇ ਵੱਖ-ਵੱਖ ਤਰ੍ਹਾਂ ਦੀਆਂ ਟਿੱਪਣੀਆਂ ਕੀਤੀਆਂ ਜਾਂਦੀਆਂ ਰਹੀਆਂ ਹਨ, ਪਰ ਸਮੇਂ ਦੇ ਨਾਲ ਸਿਆਸੀ ਹਾਲਾਤਾਂ 'ਚ ਬਦਲਾਅ ਆ ਰਿਹਾ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਨੂੰ ਆਪਣੀ ਲੜਾਈ ਵਿਚਾਰਧਾਰਕ ਮੁੱਦਿਆਂ 'ਤੇ ਕੇਂਦਰਿਤ ਰੱਖਣੀ ਚਾਹੀਦੀ ਹੈ। ਉਨ੍ਹਾਂ ਨੇ ਨਫ਼ਰਤ ਦੀ ਰਾਜਨੀਤੀ ਕਰਨ ਵਾਲੀਆਂ ਤਾਕਤਾਂ ਦਾ ਮੁਕਾਬਲਾ ਕਰਨ ਦੀ ਗੱਲ ਕਰਦਿਆਂ ਕਿਹਾ ਕਿ ਪਾਰਟੀ ਨੂੰ ਲੋਕਾਂ ਦੇ ਮੁੱਦਿਆਂ ਨੂੰ ਲੈ ਕੇ ਅੱਗੇ ਵੱਧਣਾ ਪਵੇਗਾ।

## ਪੰਜਾਬ ਦੇ 3 ਜ਼ਿਲ੍ਹਿਆਂ ਵਿੱਚ ਤੇਜ਼ ਮੀਂਹ ਅਤੇ ਹਨ੍ਹੇਰੀ, ਜਲੰਧਰ ਅਤੇ ਲੁਧਿਆਣਾ ਵਿੱਚ ਬਦਲਿਆ ਮੌਸਮ



**ਚੰਡੀਗੜ੍ਹ, 11 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਐਤਵਾਰ ਸਵੇਰੇ ਪੰਜਾਬ ਵਿੱਚ ਮੌਸਮ ਨੇ ਅਚਾਨਕ ਕਰਵਟ ਲਈ। ਦਿਨ ਵੇਲੇ ਜਲੰਧਰ ਵਿੱਚ ਹਨੇਰਾ ਛਾ ਗਿਆ ਅਤੇ ਨਾਲ ਹੀ ਤੇਜ਼ ਹਵਾਵਾਂ ਚੱਲੀਆਂ ਤੇ ਮੀਂਹ ਪਿਆ। ਲੁਧਿਆਣਾ ਅਤੇ ਫਰੀਦਕੋਟ ਵਿੱਚ ਵੀ ਧੂੜ ਭਰੀ ਹਨੇਰੀ ਦੇ ਨਾਲ-ਨਾਲ ਮੀਂਹ ਪਿਆ; ਫਰੀਦਕੋਟ ਵਿੱਚ ਇਸ ਕਾਰਨ ਸਥਾਨਕ ਮੰਡੀ ਵਿੱਚ ਪਿਆ ਝੋਨੇ ਦਾ ਭੰਡਾਰ ਭਿੱਜ ਗਿਆ। ਇਸ ਦੌਰਾਨ, ਚੰਡੀਗੜ੍ਹ ਵਿੱਚ ਅਸਮਾਨ ਅੰਸ਼ਕ ਤੌਰ 'ਤੇ ਬੱਦਲਵਾਈ ਵਾਲਾ ਬਣਿਆ ਹੋਇਆ ਹੈ। ਮੌਸਮ ਵਿਭਾਗ ਨੇ ਪੰਜਾਬ ਦੇ ਕਈ ਜ਼ਿਲ੍ਹਿਆਂ ਲਈ ਮੀਂਹ ਦਾ ਅਲਰਟ ਜਾਰੀ ਕੀਤਾ ਹੈ, ਜਿਨ੍ਹਾਂ ਵਿੱਚ ਪਠਾਨਕੋਟ, ਹੁਸ਼ਿਆਰਪੁਰ, ਨਵਾਂਸ਼ਹਿਰ, ਫਾਜ਼ਿਲਕਾ, ਮੁਕਤਸਰ, ਬਠਿੰਡਾ, ਰੂਪਨਗਰ, ਮੋਹਾਲੀ, ਗੁਰਦਾਸਪੁਰ, ਅੰਮ੍ਰਿਤਸਰ, ਤਰਨਤਾਰਨ, ਕਪੂਰਥਲਾ, ਜਲੰਧਰ, ਫਿਰੋਜ਼ਪੁਰ, ਫਰੀਦਕੋਟ, ਮੋਗਾ, ਲੁਧਿਆਣਾ, ਬਰਨਾਲਾ, ਮਾਨਸਾ, ਸੰਗਰੂਰ, ਫਤਿਹਗੜ੍ਹ ਸਾਹਿਬ ਅਤੇ ਪਟਿਆਲਾ ਸ਼ਾਮਲ ਹਨ। ਚੰਡੀਗੜ੍ਹ ਸਥਿਤ ਮੌਸਮ ਕੇਂਦਰ ਅਨੁਸਾਰ, ਪੰਜਾਬ ਦੇ ਵੱਧ ਤੋਂ ਵੱਧ ਤਾਪਮਾਨ ਵਿੱਚ 1.6 ਡਿਗਰੀ ਸੈਲਸੀਅਸ ਦੀ ਗਿਰਾਵਟ ਦਰਜ ਕੀਤੀ ਗਈ ਹੈ। ਇਹ ਹੁਣ ਆਮ ਨਾਲੋਂ 2.1 ਡਿਗਰੀ ਹੇਠਾਂ ਆ ਗਿਆ ਹੈ। ਸਭ ਤੋਂ ਵੱਧ ਤਾਪਮਾਨ 33.5 ਡਿਗਰੀ ਸੈਲਸੀਅਸ ਬਠਿੰਡਾ ਵਿੱਚ ਦਰਜ ਕੀਤਾ ਗਿਆ। ਮੌਸਮ ਵਿਭਾਗ ਦੀ ਰਿਪੋਰਟ ਮੁਤਾਬਕ ਹਰਿਆਣਾ ਅਤੇ ਨਾਲ ਲੱਗਦੇ ਇਲਾਕਿਆਂ ਵਿੱਚ ਉਪਰਲੀ ਹਵਾ ਵਿੱਚ ਚੱਕਰਵਾਤੀ ਹਾਲਾਤ ਬਣੇ ਹੋਏ ਹਨ, ਜਦਕਿ ਹਿਮਾਚਲ ਪ੍ਰਦੇਸ਼ ਵਿੱਚ ਇੱਕ 'ਪੱਛਮੀ ਗੜਬੜੀ' ਸਰਗਰਮ ਹੈ। ਮੌਸਮ ਦੀਆਂ ਇਨ੍ਹਾਂ ਸਥਿਤੀਆਂ ਕਾਰਨ ਪੰਜਾਬ ਅਤੇ ਚੰਡੀਗੜ੍ਹ ਵਿੱਚ ਮੀਂਹ, ਗਰਜ-ਤੂਫ਼ਾਨ ਅਤੇ ਤੇਜ਼ ਹਵਾਵਾਂ ਚੱਲਣ ਦੀ ਸੰਭਾਵਨਾ ਹੈ। ਪੰਜਾਬ ਵਿੱਚ ਬਿਜਲੀ ਦੀ ਮੰਗ 9,914 ਮੈਗਾਵਾਟ ਦਰਜ ਕੀਤੀ ਗਈ। ਰਾਜ ਅੰਦਰ ਬਿਜਲੀ ਉਤਪਾਦਨ 5,204 ਮੈਗਾਵਾਟ ਰਿਹਾ। ਬਿਜਲੀ ਲੈਣ (ਡਰਾਅ) ਦੀ ਨਿਰਧਾਰਤ ਮਾਤਰਾ 5,248 ਮੈਗਾਵਾਟ ਸੀ, ਜਦਕਿ ਅਸਲ ਵਿੱਚ ਲਈ ਗਈ ਬਿਜਲੀ 4,712 ਮੈਗਾਵਾਟ ਸੀ ਭਾਵ ਨਿਰਧਾਰਤ ਮਾਤਰਾ ਨਾਲੋਂ 536 ਮੈਗਾਵਾਟ ਘੱਟ ਬਿਜਲੀ ਲਈ ਗਈ।

## ਲੁਧਿਆਣਾ ਈਸਟ ਦੀ ਵੋਟਰ ਲਿਸਟ 'ਚ ਸ਼ਹੀਦ ਭਗਤ ਸਿੰਘ ਦੀ ਤਸਵੀਰ, ਸੂਚੀ 'ਚ ਕਈ ਗੜਬੜੀਆਂ ਦਾ ਦਾਅਵਾ

**ਚੰਡੀਗੜ੍ਹ, 11 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ 'ਚ ਵੋਟਰ ਸੂਚੀਆਂ ਦੀ ਸੁਧਾਈ ਤੇ ਅੰਤਿਮ ਵੋਟਰ ਸੂਚੀ ਨੂੰ ਲੈ ਕੇ ਚੱਲ ਰਹੀ ਪ੍ਰਕਿਰਿਆ ਦਰਮਿਆਨ ਲੁਧਿਆਣਾ ਈਸਟ ਵਿਧਾਨ ਸਭਾ ਹਲਕੇ ਦੀ ਇੱਕ ਵੋਟਰ ਲਿਸਟ ਨੂੰ ਲੈ ਕੇ ਵਿਵਾਦ ਸਾਹਮਣੇ ਆਇਆ ਹੈ। ਦਾਅਵਾ ਕੀਤਾ ਜਾ ਰਿਹਾ ਹੈ ਕਿ ਹਲਕੇ ਦੇ ਇੱਕ ਬੂਥ ਦੀ ਵੋਟਰ ਸੂਚੀ 'ਚ ਇੱਕ ਵੋਟਰ ਦੀ ਫੋਟੋ ਦੀ ਥਾਂ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੀ ਤਸਵੀਰ ਦਰਜ ਹੈ। ਇਸ ਮਾਮਲੇ ਦੀ ਨਿਰਪੱਖ ਜਾਂਚ ਕਰਵਾਉਣ ਤੇ ਵੋਟਰ ਸੂਚੀਆਂ 'ਚ ਮੌਜੂਦ ਕਥਿਤ ਖਾਮੀਆਂ ਨੂੰ ਦੂਰ ਕਰਨ ਦੀ ਮੰਗ ਕੀਤੀ ਹੈ। ਇਸ ਮਾਮਲੇ ਸਾਬਕਾ ਵਿਧਾਇਕ ਅਤੇ ਜ਼ਿਲ੍ਹਾ ਕਾਂਗਰਸ ਕਮੇਟੀ (ਸ਼ਹਿਰੀ) ਦੇ ਪ੍ਰਧਾਨ ਸੰਜੇ ਤਲਵਾਰ ਨੇ ਸਵਾਲ ਚੁੱਕੇ ਹਨ। ਤਲਵਾਰ ਮੁਤਾਬਕ ਲੁਧਿਆਣਾ ਈਸਟ ਵਿਧਾਨ ਸਭਾ ਹਲਕਾ ਦੇ ਬੂਥ ਨੰਬਰ 38 ਦੀ ਵੋਟਰ ਸੂਚੀ 'ਚ ਸੀਰੀਅਲ ਨੰਬਰ 422 ਤੇ ਦਰਜ ਵੋਟਰ ਦੀ ਫੋਟੋ ਦੀ ਥਾਂ ਭਗਤ ਸਿੰਘ ਦੀ ਤਸਵੀਰ ਦਿਖਾਈ ਦੇ ਰਹੀ ਹੈ। ਇਸ ਤੋਂ ਇਲਾਵਾ ਉਨ੍ਹਾਂ ਨੇ ਇਸੇ ਸੂਚੀ 'ਚ ਹੋਰ ਵੀ ਸੀਰੀਅਲ ਨੰਬਰ ਤੇ ਵੀ ਕਥਿਤ ਤੌਰ ਤੇ ਗਲਤ ਫੋਟੋਆਂ ਹੋਣ ਦਾ ਇਲਜ਼ਾਮ ਲਾਇਆ ਹੈ। ਹਾਲਾਂਕਿ, ਇਨ੍ਹਾਂ ਦਾਅਵਿਆਂ ਦੀ ਅਧਿਕਾਰਤ ਪੁਸ਼ਟੀ ਹੋਣੀ ਅਜੇ ਬਾਕੀ ਹੈ। ਸੰਜੇ ਤਲਵਾਰ ਨੇ ਕਿਹਾ ਕਿ ਜੇਕਰ ਇੱਕ ਹੀ ਪੋਲਿੰਗ ਬੂਥ ਦੀ ਵੋਟਰ ਸੂਚੀ 'ਚ ਕਈ ਤਰ੍ਹਾਂ ਦੀਆਂ ਗਲਤੀਆਂ ਹੋਣ ਦਾ ਦਾਅਵਾ ਸਾਹਮਣੇ ਆ ਰਿਹਾ ਹੈ, ਤਾਂ ਪੂਰੇ ਵਿਧਾਨ ਸਭਾ ਹਲਕੇ ਦੀਆਂ ਸੂਚੀਆਂ ਦੀ ਜਾਂਚ ਕੀਤੀ ਜਾਣੀ ਚਾਹੀਦੀ ਹੈ। ਉਨ੍ਹਾਂ ਨੇ ਲੁਧਿਆਣਾ ਈਸਟ ਦੇ ਸਾਰੇ 235 ਪੋਲਿੰਗ ਬੂਥਾਂ ਦੀਆਂ ਵੋਟਰ ਸੂਚੀਆਂ ਦੀ ਪੜਤਾਲ ਕਰਵਾਉਣ ਦੀ ਮੰਗ ਕੀਤੀ ਹੈ। ਉਨ੍ਹਾਂ ਮੁਤਾਬਕ, ਵੋਟਰ ਸੂਚੀ 'ਚ ਨਾਮ, ਫੋਟੋ ਤੇ ਹੋਰ ਵੇਰਵਿਆਂ ਦੀ ਸ਼ੁੱਧਤਾ ਚੋਣ ਪ੍ਰਕਿਰਿਆ ਲਈ ਬੇਹੱਦ ਅਹਿਮ ਹੈ। ਇਸ ਲਈ ਕਥਿਤ ਖਾਮੀਆਂ ਦੀ ਜਾਂਚ ਕਰਕੇ ਉਨ੍ਹਾਂ ਨੂੰ ਸਮੇਂ ਸਿਰ ਠੀਕ ਕੀਤਾ ਜਾਣਾ ਚਾਹੀਦਾ ਹੈ, ਤਾਂ ਜੋ ਕਿਸੇ ਵੀ ਯੋਗ ਵੋਟਰ ਨੂੰ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ 'ਚ ਮੁਸ਼ਕਲ ਨਾ ਆਵੇ। ਤਲਵਾਰ ਨੇ ਵੋਟਰ ਸੂਚੀਆਂ 'ਚ ਕਥਿਤ ਬੇਨਿਯਮੀਆਂ ਤੇ ਵੋਟ ਚੋਰੀ ਸਬੰਧੀ ਰਾਹੁਲ ਗਾਂਧੀ ਵੱਲੋਂ ਪਹਿਲਾਂ ਉਠਾਏ ਗਏ ਸਵਾਲਾਂ ਦਾ ਹਵਾਲਾ ਵੀ ਦਿੱਤਾ।



### ਜੰਮੂ-ਕਸ਼ਮੀਰ ਵਿੱਚ

# ਪੰਜਾਬੀ ਭਾਸ਼ਾ ਨੂੰ ਸਰਕਾਰੀ ਦਰਜਾ ਦੇਣ ਦੀ ਮੰਗ ਪ੍ਰਵਾਨ ਕਰੇ ਸਰਕਾਰ: ਭਾਈ ਕਪਤਾਨ ਸਿੰਘ

## ਇੰਟਰਨੈਸ਼ਨਲ ਪੰਥਕ ਦਲ ਯੂਕੇ ਵੱਲੋਂ ਪੰਜਾਬੀ ਭਾਸ਼ਾ ਨੂੰ ਸਰਕਾਰੀ ਮਾਨਤਾ ਦਿਵਾਉਣ ਲਈ ਸਿੱਖ ਜਥੇਬੰਦੀਆਂ ਦੇ ਸੰਘਰਸ਼ ਦੀ ਪੂਰਨ ਹਮਾਇਤ












ਭਾਈ ਕਪਤਾਨ ਸਿੰਘ, ਯੂ. ਕੇ.

ਲੰਡਨ (ਯੂਕੇ), 11 ਅਕਤੂਬਰ (ਆਵਾਜ਼ਿ ਕੌਮ ਬਿਊਰੋ)-ਇੰਟਰਨੈਸ਼ਨਲ ਪੰਥਕ ਦਲ ਯੂਕੇ ਨੇ ਜੰਮੂ-ਕਸ਼ਮੀਰ ਵਿੱਚ ਪੰਜਾਬੀ ਭਾਸ਼ਾ ਨੂੰ ਸਰਕਾਰੀ ਭਾਸ਼ਾ ਵਜੋਂ ਮਾਨਤਾ ਦਿਵਾਉਣ ਲਈ ਸਿੱਖ ਜਥੇਬੰਦੀਆਂ ਵੱਲੋਂ ਕੀਤੇ ਜਾ ਰਹੇ ਸੰਘਰਸ਼ ਦੀ ਪੂਰਨ ਹਮਾਇਤ ਕਰਦਿਆਂ ਜੰਮੂ-ਕਸ਼ਮੀਰ ਸਰਕਾਰ ਤੋਂ ਮੰਗ ਕੀਤੀ ਹੈ ਕਿ ਸਿੱਖ ਭਾਈਚਾਰੇ ਦੀ ਇਸ ਮੰਗ ਨੂੰ ਪ੍ਰਵਾਨ ਕਰਕੇ ਪੰਜਾਬੀ ਭਾਸ਼ਾ ਨੂੰ ਬਣਦਾ ਸਰਕਾਰੀ ਦਰਜਾ ਦਿੱਤਾ ਜਾਵੇ। ਇਸ ਸਬੰਧੀ ਬਿਆਨ ਜਾਰੀ ਕਰਦਿਆਂ ਇੰਟਰਨੈਸ਼ਨਲ ਪੰਥਕ ਦਲ ਯੂਕੇ ਦੇ ਜਨਰਲ ਸਕੱਤਰ ਅਤੇ ਮੁੱਖ ਬੁਲਾਰੇ ਭਾਈ ਕਪਤਾਨ ਸਿੰਘ ਨੇ ਕਿਹਾ ਕਿ ਜੰਮੂ-ਕਸ਼ਮੀਰ ਵਿੱਚ ਸਿੱਖ ਭਾਈਚਾਰੇ ਦੇ ਲੋਕ ਵੱਡੀ ਗਿਣਤੀ ਵਿੱਚ ਰਹਿੰਦੇ ਹਨ ਅਤੇ ਪੰਜਾਬੀ ਭਾਸ਼ਾ ਉਨ੍ਹਾਂ ਦੀ ਮਾਂ-ਬੋਲੀ ਹੋਣ ਦੇ ਨਾਲ-ਨਾਲ ਉਨ੍ਹਾਂ ਦੀ ਧਾਰਮਿਕ, ਸੱਭਿਆਚਾਰਕ ਅਤੇ ਇਤਿਹਾਸਕ ਵਿਰਾਸਤ ਦਾ ਅਹਿਮ ਹਿੱਸਾ ਹੈ। ਉਨ੍ਹਾਂ ਕਿਹਾ ਕਿ ਪੰਜਾਬੀ ਭਾਸ਼ਾ ਸਿੱਖਾਂ ਦੀ ਪਛਾਣ ਅਤੇ ਵਿਰਸੇ ਨਾਲ ਡੂੰਘੀ ਤਰ੍ਹਾਂ ਜੁੜੀ ਹੋਈ ਹੈ। ਇਸ ਲਈ ਜੰਮੂ-ਕਸ਼ਮੀਰ ਵਿੱਚ ਵੱਸਦੇ ਸਿੱਖ ਭਾਈਚਾਰੇ ਦੀਆਂ ਭਾਵਨਾਵਾਂ ਦਾ ਸਤਿਕਾਰ ਕਰਦਿਆਂ ਪੰਜਾਬੀ ਭਾਸ਼ਾ ਨੂੰ ਸਰਕਾਰੀ ਪੱਧਰ 'ਤੇ ਬਣਦਾ ਮਾਣ-ਸਤਿਕਾਰ ਦਿੱਤਾ ਜਾਣਾ ਚਾਹੀਦਾ ਹੈ। ਭਾਈ ਕਪਤਾਨ ਸਿੰਘ ਨੇ ਕਿਹਾ ਕਿ ਪੰਜਾਬੀ ਭਾਸ਼ਾ ਨੂੰ ਸਰਕਾਰੀ ਮਾਨਤਾ ਦਿਵਾਉਣ ਲਈ ਸਿੱਖ ਜਥੇਬੰਦੀਆਂ ਵੱਲੋਂ ਕੀਤਾ ਜਾ ਰਿਹਾ ਸੰਘਰਸ਼ ਮਾਂ-ਬੋਲੀ ਦੇ ਸਨਮਾਨ ਅਤੇ ਭਾਸ਼ਾਈ ਹੱਕਾਂ ਨਾਲ ਜੁੜਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਕੌਮ ਦੀ ਮਾਂ-ਬੋਲੀ ਉਸ ਦੀ ਪਛਾਣ, ਸੱਭਿਆਚਾਰ ਅਤੇ ਵਿਰਾਸਤ ਦੀ ਨਿਸ਼ਾਨੀ ਹੁੰਦੀ ਹੈ। ਇਸ ਲਈ ਪੰਜਾਬੀ ਭਾਸ਼ਾ ਨੂੰ ਬਣਦਾ ਸਥਾਨ ਦੇਣਾ ਸਮੇਂ ਦੀ ਅਹਿਮ ਲੋੜ ਹੈ। ਉਨ੍ਹਾਂ ਜੰਮੂ-ਕਸ਼ਮੀਰ ਸਰਕਾਰ ਨੂੰ ਅਪੀਲ ਕੀਤੀ ਕਿ ਸਿੱਖ ਭਾਈਚਾਰੇ ਦੀ ਮੰਗ ਨੂੰ ਗੰਭੀਰਤਾ ਨਾਲ ਵਿਚਾਰਦਿਆਂ ਪੰਜਾਬੀ ਭਾਸ਼ਾ ਨੂੰ ਸਰਕਾਰੀ ਭਾਸ਼ਾ ਵਜੋਂ ਮਾਨਤਾ ਦੇਣ ਲਈ ਲੋੜੀਂਦੇ ਕਦਮ ਚੁੱਕੇ ਜਾਣ, ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਆਪਣੀ ਮਾਂ-ਬੋਲੀ ਅਤੇ ਅਮੀਰ ਵਿਰਾਸਤ ਨਾਲ ਜੁੜੀਆਂ ਰਹਿ ਸਕਣ। ਅੰਤ ਵਿੱਚ ਭਾਈ ਕਪਤਾਨ ਸਿੰਘ ਨੇ ਕਿਹਾ ਕਿ ਇੰਟਰਨੈਸ਼ਨਲ ਪੰਥਕ ਦਲ ਯੂਕੇ ਪੰਜਾਬੀ ਭਾਸ਼ਾ ਨੂੰ ਸਰਕਾਰੀ ਮਾਨਤਾ ਦਿਵਾਉਣ ਲਈ ਸਿੱਖ ਜਥੇਬੰਦੀਆਂ ਵੱਲੋਂ ਕੀਤੇ ਜਾ ਰਹੇ ਯਤਨਾਂ ਦੀ ਪੂਰਨ ਹਮਾਇਤ ਕਰਦਾ ਹੈ ਅਤੇ ਜੰਮੂ-ਕਸ਼ਮੀਰ ਸਰਕਾਰ ਤੋਂ ਉਮੀਦ ਕਰਦਾ ਹੈ ਕਿ ਉਹ ਸਿੱਖ ਭਾਈਚਾਰੇ ਦੀ ਇਸ ਮੰਗ ਨੂੰ ਪ੍ਰਵਾਨ ਕਰਕੇ ਪੰਜਾਬੀ ਮਾਂ-ਬੋਲੀ ਨੂੰ ਬਣਦਾ ਮਾਣ-ਸਤਿਕਾਰ ਦੇਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243








**ਆਵਾਜ਼ਿ ਕੌਮ**

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for **AWAZE QAUM** Channel

https://youtu.be/LQwolgxDu7I

Contact :

+447458381111

+447976210161

+919729091243




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV

DHAN DHAN SRI GURU NANAK DEV JI
PARKASH PURAB

SANDWELL

# NAGAR KIRTAN

# ਨਗਰ ਕੀਰਤਨ



## SUNDAY 1ST NOVEMBER 2026

| | | | |
|---|---|---|---|
| **GURDWARA GURU HAR RAI SAHIB JI**<br>George Street, West Bromwich | START 9:00AM | ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਜੀ<br>ਜਰੋਜ ਸਟਰੀਟ, ਵੈਸਟ ਬ੍ਰੁਮਿਚ | ਅਰੰਭਤਾ: ੯:00 ਵਜੇ |
| **GURU NANAK GURDWARA**<br>Edward Street, West Bromwich | 11:00AM | ਗੁਰੂ ਨਾਨਕ ਗੁਰਦੁਆਰਾ<br>ਏਡਵਰਡ ਸਟਰੀਟ, ਵੈਸਟ ਬ੍ਰੁਮਿਚ | ੧੧:00 ਵਜੇ |
| **GURDWARA AMRIT PARCHAR DHARMIK DIWAN**<br>Birmingham Road, Oldbury | 1:00PM | ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ<br>ਬ੍ਰਮਿੰਘਮ ਰੋਡ, ਓਲਡਬਰੀ | ੧:00 ਵਜੇ |
| **GURDWARA GURU MANEYO GRANTH**<br>Popes Lane, Oldbury | 2:00PM | ਗੁਰਦੁਆਰਾ ਗੁਰੂ ਮਾਨਯੋ ਗ੍ਰੰਥ<br>ਪੋਪਸ ਲੇਨ, ਓਲਡਬਰੀ | ੨:00 ਵਜੇ |
| **GURDWARA BABA SANG**<br>St. Paul's Road, Smethwick | 3:15PM | ਗੁਰਦੁਆਰਾ ਬਾਬਾ ਸੰਗ ਜੀ<br>ਸਟ, ਪੋਲਜ ਰੋਡ, ਸਮੇਦਿਕ | ੩:੧੫ ਵਜੇ |
| **GURU NANAK GURDWARA SMETHWICK**<br>High Street, Smethwick | 4:00PM | ਗੁਰੂ ਨਾਨਕ ਗੁਰਦੁਆਰਾ<br>ਸਮੇਦਿਕ | ੪:00 ਵਜੇ |

**GURDWARA GURU HAR RAI SAHIB - 0121 553 7219**
**GURU NANAK GURDWARA SMETHWICK - 0121 558 2527**

ਆਵਾਜ਼ਿ ਕੌਮ AWAZE QAUM
International Newspaper & WEB TV


TPU - THE PANJAB UNIVERSE
LEARN | TRADE | GROW | EARN FOR LIFE
ਸਿੱਖੋ ਟਰੇਡਿੰਗ, ਬਦਲੋ ਆਪਣੀ ਜ਼ਿੰਦਗੀ
ਸਾਡੀਆਂ ਸੇਵਾਵਾਂ:
100% ਪ੍ਰੈਕਟੀਕਲ ਟਰੇਡਿੰਗ
ਲਾਈਵ ਮਾਰਕੀਟ ਸਿਖਲਾਈ
ਬਿਗਨਰ ਤੋਂ ਐਡਵਾਂਸ ਲੈਵਲ ਤੱਕ
ਇਨਕਿਊਬੇਟਰ ਗਾਈਡੈਂਸ
ਲਾਈਫ ਟਾਈਮ ਸਪੋਰਟ
ਕੋਰਸ ਵਿੱਚ ਸ਼ਾਮਲ:
ਇੰਟਰਾਡੇ
ਸਵਿੰਗ
ਆਪਸ਼ਨ
ਸਟਾਕ ਮਾਰਕੀਟ ਬੇਸਿਕ ਤੋਂ ਐਡਵਾਂਸ
ਰਿਸਕ ਮੈਨੇਜਮੈਂਟ
ਇਨਵੈਸਟਮੈਂਟ ਸਟ੍ਰੈਟਜੀ
ਪ੍ਰੈਕਟੀਕਲ ਟਰੇਡਿੰਗ ਸਿਸਟਮ
ਆਵਾਜ਼ਿ ਕੌਮ
AWAZE QAUM
International Newspaper & WEB TV
ਆਪਣੇ ਹੁਨਰ ਨੂੰ ਪੈਸ਼ੇ ਵਿੱਚ ਬਦਲੋ
ਘਰ ਬੈਠੇ ਡਾਲਰ ਕਮਾਓ - ਆਪਣੇ ਬੱਚਿਆਂ ਨੂੰ ਵੀ
ਸ਼ਿਖਾ ਸਕਦੇ ਹੋ, ਉਹਨਾਂ ਦਾ ਭਵਿੱਖ ਸਵਾਰ ਸਕਦੇ ਹੋ
+91 76961 59766
Instagram: thepanjabuniverse / the.panjabuniverse (ਜਲੰਧਰ)
ਸਾਡਾ ਪਤਾ: Lambra near Jalandhar


ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ ਦੇ
ਪ੍ਰਕਾਸ਼ ਪੁਰਬ
ਨੂੰ ਸਮਰਪਿਤ ਸਮਾਗਮ ਗੁਰਦੁਆਰਾ ਸਿੰਘ ਸਭਾ ਘੱਗਾ ਵਿਖੇ
ਮਿਤੀ:-
25, ਅਤੇ 26 ਅਕਤੂਬਰ
ਸ਼ਾਮ 6 ਵਜੇ ਤੋਂ ਰਾਤ 9 ਵਜੇ ਤੱਕ
ਦੀਵਾਨ
27 ਅਕਤੂਬਰ ਨੂੰ
ਸਵੇਰੇ 9 ਵਜੇ ਤੋਂ ਸਵੇਰੇ 11:30 ਵਜੇ ਤੱਕ
ਸਮਾਗਮ
ਬਾਬਾ ਸੁਖਵਿੰਦਰ ਸਿੰਘ ਜੀ (ਘੱਗੇ ਵਾਲੇ)
ਗਿਆਨੀ ਰਵਿੰਦਰ ਸਿੰਘ (ਦਮਦਮੀ ਟਕਸਾਲ)
ਗਿਆਨੀ ਜਗਜੀਤ ਸਿੰਘ ਜੀ (ਹੈੱਡ ਗ੍ਰੰਥੀ ਗੁ: ਨਾਦਾ ਸਾਹਿਬ)
ਗਿਆਨੀ ਜਸਵੀਰ ਸਿੰਘ ਜੀ (ਖਤਰ)
ਬਾਬਾ ਬਲਜੀਤ ਸਿੰਘ ਜੀ (ਵੱਕਰ)
ਬਾਬਾ ਦਰਸ਼ਨ ਸਿੰਘ ਜੀ
ਗਿਆਨੀ ਦਇਆ ਸਿੰਘ ਜੀ
ਭਾਈ ਗੁਰਸੇਵਕ ਸਿੰਘ ਰੰਗੀਲਾ ਜੀ (ਹਜ਼ੂਰੀ ਜੱਥਾ ਗੁ: ਦਾਦੂ ਸਾਹਿਬ)
ਬਾਬਾ ਦਲਜੀਤ ਸਿੰਘ ਜੀ (ਬਰਾਸ ਵਾਲੇ)
ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਆਪ ਜੀ ਨੇ ਇਹਨਾਂ ਸਮਾਗਮਾਂ ਵਿੱਚ ਦਰਸ਼ਨ ਦੇਣ ਦੀ ਕ੍ਰਿਪਾਲਤਾ ਕਰਨੀ ਜੀ।
ਮੋ. 90411-47540, 90413-28422, 91150-66349
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ
ਜਥੇਦਾਰ ਬਲਜੀਤ ਸਿੰਘ ਜੀ ਦਾਦੂਵਾਲ
ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ, ਅਤੇ ਸਮੂਹ ਸਾਧਸੰਗਤ, ਘੱਗਾ


7ਵਾਂ ਸਾਲਾਨਾ ਗੁਰਮਤਿ ਸਮਾਗਮ
ਪਿੰਡ ਸੰਗਤਪੁਰਾ ਮੋਹਾਲੀ
21 ਤੋਂ 25 ਅਕਤੂਬਰ 2026
ਸਮਾ: ਸ਼ਾਮ 6 ਤੋਂ 10 ਵਜੇ ਤੱਕ
ਦਸਤਾਰ ਬੰਦੀ ਮੁਕਾਬਲੇ
23 ਅਕਤੂਬਰ 2026 ਸਵੇਰ 10 ਵਜੇ
ਲੰਬੇ ਕੇਸ ਮੁਕਾਬਲੇ
ਅੰਮ੍ਰਿਤ ਸੰਚਾਰ
25 ਅਕਤੂਬਰ, ਸ਼ਾਮ 5 ਵਜੇ
ਸੰਗਤਾਂ ਲਈ ਬੱਸਾਂ ਦੀ ਸੇਵਾ ਮੁਫ਼ਤ ਲਗਾਈ ਜਾਵੇਗੀ
ਗੁਰੂ ਕਾ ਲੰਗਰ ਅਟੁੱਟ ਵਰਤੇਗਾ
ਖੂਨਦਾਨ ਕੈਂਪ
23 ਅਕਤੂਬਰ, ਸਵੇਰੇ 10 ਵਜੇ
ਮੈਡੀਕਲ ਕੈਂਪ
5 ਦਿਨ
DARVESH TV
LIVE ON
ਸੰਪਰਕ :-
62845-76824
94642-46744
SCAN FOR LOCATION
ਬਾਬਾ ਇਸ਼ਰ ਸਿੰਘ ਜੀ
ਸੰਗਤਪੁਰੇ ਵਾਲੇ
ਵਿਸ਼ੇਸ਼ ਹਾਜ਼ਰੀ
ਸੰਤ ਬਾਬਾ ਗੁਲਾਬ ਸਿੰਘ ਜੀ
ਸ੍ਰੀ ਚਮਕੌਰ ਸਾਹਿਬ ਵਾਲੇ
ਬੇਨਤੀ ਕਰਤਾ :- ਬਾਬਾ ਇਸ਼ਰ ਸਿੰਘ ਜੀ ਸੰਗਤਪੁਰੇ ਵਾਲੇ ਅਤੇ ਸਮੂਹ ਇਲਾਕਾ ਨਿਵਾਸੀ ਪਿੰਡ ਸੰਗਤਪੁ

### ਸਿੱਖ ਤਵਾਰੀਖ ਦੀ ਅਨੋਖੀ ਘਟਨਾ

# ਜਦੋਂ ਰੂੜੀਵਾਦ ਸੋਚ ਨੂੰ ਵੰਗਾਰਿਆ ਗਿਆ

**ਅੱਜ 12 ਅਕਤੂਬਰ ਲਈ ਵਿਸ਼ੇਸ਼**



-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ :
98143-24040

ਖ਼ਾਲਸਾ ਅਰਬੀ ਭਾਸ਼ਾ ਦਾ ਸ਼ਬਦ ਹੈ, ਜਿਸ ਦੇ ਅਰਥ ਹਨ, ਨਿਰੋਲ, ਸ਼ੁੱਧ ਜਾਂ ਮਿਲਾਵਟ ਤੋਂ ਰਹਿਤ। ਫ਼ਾਰਸੀ ਭਾਸ਼ਾ ਵਿੱਚ ਉਸ ਇਲਾਕੇ ਜਾਂ ਜ਼ਮੀਨ ਜਾਂ ਇਲਾਕੇ ਨੂੰ ਵੀ ਖ਼ਾਲਸਾ ਕਿਹਾ ਜਾਂਦਾ ਹੈ, ਜੋ ਸਿੱਧੀ ਬਾਦਸ਼ਾਹ ਜਾਂ ਕਿਸੇ ਜਗੀਰਦਾਰ ਦੀ ਮਲਕੀਅਤ ਹੋਵੇ ।ਪਾਵਨ ਗੁਰਬਾਣੀ ਵਿੱਚ ਉਨ੍ਹਾਂ ਗੁਰਸਿੱਖਾਂ ਜਾਂ ਗੁਰਮੁੱਖਾਂ ਲਈ ਵੀ ਖ਼ਾਲਸਾ ਸ਼ਬਦ ਦੀ ਵਰਤੋਂ ਹੋਈ ਹੈ, ਜੋ ਬਿਪਰਨ ਦੀਆਂ ਰੀਤਾਂ-ਰਿਵਾਜਾਂ ਜਾਂ ਕਰਮਕਾਂਡਾਂ ਤੋਂ ਉੱਪਰ ਉੱਠ ਕੇ ਅਕਾਲ ਪੁਰਖ ਵਾਹਿਗੁਰੂ ਦੀ ਭਗਤੀ ਕਰਦੇ ਹਨ ।ਸ਼੍ਰੋਮਣੀ ਸੰਤ ਕਬੀਰ ਸਾਹਿਬ ਨੇ ਕਹੁ ਕਬੀਰ ਜਨ ਭਏ ਖ਼ਾਲਸੇ ਪ੍ਰੇਮ ਭਗਤ ਜਿਤ ਜਾਨੀ ਨਾਲ ਖ਼ਾਲਸਾ ਸ਼ਬਦ ਦੀ ਵਰਤੋਂ ਕੀਤੀ ਹੈ ।ਛੇਵੇਂ ਤੇ ਨੌਵੇਂ ਪਾਤਸ਼ਾਹ ਨੇ ਹੁਕਮਨਾਮਿਆਂ ਵਿੱਚ ਗੁਰੂ ਕਾ ਖ਼ਾਲਸਾ ਸ਼ਬਦ ਵਰਤਿਆ ਹੈ ।ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਖੰਡੇ ਬਾਟੇ ਦੀ ਪਾਹੁਲ ਦੇ ਕੇ ਆਪਣੇ ਪ੍ਰਾਣਾਂ ਤੋਂ ਪਿਆਰੇ ਸਿੱਖਾਂ ਨੂੰ ਖ਼ਾਲਸਾ ਸ਼ਬਦ ਨਾਲ ਸੰਬੋਧਨ ਕੀਤਾ ।ਸੋ ਖ਼ਾਲਸਾ ਭਾਈਚਾਰਾ ਆਪਣੀ ਸਥਾਪਨਾ ਤੋਂ ਪਿੱਛੋਂ ਮੌਤ ਦੇ ਭੈਅ ਤੋਂ ਹਮੇਸ਼ਾ ਲਈ ਮੁਕਤ ਹੋ ਗਿਆ ।

ਸਮੇਂ ਦੇ ਬੀਤਣ ਨਾਲ ਬਿਪਰਨ ਕੀ ਰੀਤ ਦੀ ਸੋਚ ਰੱਖਣ ਵਾਲੇ ਉੱਚ ਜਾਤੀ ਦੇ ਲੋਕਾਂ ਨੇ ਪਛੜੀਆਂ ਸ਼੍ਰੇਣੀਆਂ ਨਾਲ ਵਿਤਕਰਾ ਹਮੇਸ਼ਾਂ ਦੀ ਤਰ੍ਹਾਂ ਕਾਇਮ ਰੱਖਿਆ ।20ਵੀਂ ਸਦੀ ਦੇ ਆਰੰਭ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਥਾਪਨਾ ਤੋਂ ਪਹਿਲਾਂ ਇਕ ਅਜਿਹੀ ਸੰਸਥਾ ਖ਼ਾਲਸਾ ਬਰਾਦਰੀ ਦੀ ਸਥਾਪਨਾ ਕੀਤੀ ਗਈ ਤਾਂ ਜੋ ਅਖੌਤੀ ਪੱਛੜੀਆਂ ਜਾਤੀਆਂ ਦੇ ਸਿੱਖਾਂ ਨਾਲ ਹੋ ਰਹੇ ਵਿਤਕਰੇ ਵਿਰੁੱਧ ਆਵਾਜ਼ ਬੁਲੰਦ ਕੀਤੀ ਜਾ ਸਕੇ। ਅਜਿਹੀ ਸੰਸਥਾ ਬਣਾਉਣ ਦਾ ਵਿਚਾਰ ਜਥੇਦਾਰ ਮਹਿਤਾਬ ਸਿੰਘ ਬੀਰ ਦੇ ਮਨ ਵਿੱਚ ਪੈਦਾ ਹੋਇਆ । ਕਿਉਂਕਿ ਸ। ਮਹਿਤਾਬ ਸਿੰਘ ਖੁਦ ਮੁਸਲਮਾਨ ਹੁੰਦੇ ਹੋਏ, ਸਿੱਖ ਧਰਮ ਦੀ ਸਰਬਸਾਂਝੀ ਵਾਲਤਾ ਦੇ ਮਾਨਵਤਾ-ਵਾਦੀ ਸੰਦੇਸ਼ ਤੋਂ ਪ੍ਰਭਾਵਿਤ ਹੋ ਕੇ ਸਿੰਘ ਸਜਿਆ ਸੀ ।ਉਸ ਸਮੇਂ ਉੱਚ ਜੀਵਨ ਵਾਲੇ ਗੁਰਸਿੱਖਾਂ ਨੂੰ ਵੀ ਉੱਚ ਜਾਤੀਆਂ ਵੱਲੋਂ ਕਈ ਪ੍ਰਕਾਰ ਦੇ ਤੰਗ-ਨਜ਼ਰੀਏ ਦਾ ਸ਼ਿਕਾਰ ਹੋਣਾ ਪਿਆ ।1914 ਈ: ਵਿੱਚ ਧੰਨ ਗੁਰੂ ਰਾਮਦਾਸ ਜੀ ਦੇ ਸਰਬਸਾਂਝੇ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਨੇੜੇ ਭਾਈ ਦਸੌਂਧਾ ਸਿੰਘ ਦੀ ਧਰਮਸ਼ਾਲਾ ਵਿੱਚ ਪੱਛੜੀਆਂ ਜਾਤੀਆਂ ਦੇ ਸਿੱਖਾਂ ਦਾ ਇਕੱਠ ਸਭਾ ਦੇ ਰੂਪ ਵਿੱਚ ਬੁਲਾਇਆ ਗਿਆ ।ਇਸੇ ਸਭਾ ਵਿੱਚ ਖ਼ਾਲਸਾ ਬਰਾਦਰੀ ਦੀ ਸਥਾਪਨਾ ਕੀਤੀ ਗਈ ।ਸਰਹਾਲਾ ਕਾਜੀਆਂ ਦੇ ਸ. ਈਸ਼ਰ ਸਿੰਘ ਨੂੰ ਇਸ ਸੰਸਥਾ ਦਾ ਪ੍ਰਧਾਨ ਅਤੇ ਭਾਈ ਮਹਿਤਾਬ ਸਿੰਘ ਨੂੰ ਜਨਰਲ ਸਕੱਤਰ ਬਣਾਇਆ ਗਿਆ।

ਇਸ ਸੰਸਥਾ ਦਾ ਉਦੇਸ਼ ਪੱਛੜੀਆਂ ਸ਼੍ਰੇਣੀਆਂ ਦੇ ਸਿੱਖਾਂ ਨੂੰ ਖੰਡੇ ਬਾਟੇ ਦੀ ਪਾਹੁਲ ਛਕਾ ਕੇ ਸਿੰਘ ਸਜਾਉਣਾ ਅਤੇ ਸਮਾਜਿਕ ਤੌਰ 'ਤੇ ਜਾਗ੍ਰਿਤ ਕਰਨਾ ਸੀ ।ਰੂੜੀਵਾਦੀ ਸੋਚ ਰੱਖਣ ਵਾਲੇ ਲੋਕਾਂ ਨੂੰ ਗੁਰੂ ਸਾਹਿਬ ਦੇ ਸਰਬਸਾਂਝੀ ਵਾਲਤਾ ਸੁਨੇਹੇ ਪ੍ਰਤੀ ਜਾਗਰੂਕ ਕਰਨਾ ਸੀ ।ਇਸ ਸੰਸਥਾ ਦਾ ਕੇਂਦਰੀ ਦਫ਼ਤਰ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸਥਾਪਿਤ ਕਰਕੇ ਜ਼ਿਲ੍ਹਾ ਯੂਨਿਟ ਚੜ੍ਹਦੇ ਤੇ ਲਹਿੰਦੇ ਪੰਜਾਬ (ਸਾਂਝੇ ਪੰਜਾਬ) ਵਿੱਚ ਬਣਾਏ ਗਏ ।ਸੰਸਥਾ ਦੇ ਪ੍ਰਚਾਰ ਲਈ ਤੇ ਸਮਾਜ ਲਈ ਬੀਰ ਨਾਂਅ ਦਾ ਹਫ਼ਤਾਵਾਰੀ ਮੈਗਜ਼ੀਨ ਵੀ ਸ਼ੁਰੂ ਕੀਤਾ ਗਿਆ ।ਹੁਣ ਇਸ ਸੰਸਥਾ ਵੱਲੋਂ 11 ਅਤੇ 12 ਅਕਤੂਬਰ, 1920 ਨੂੰ ਜਲ੍ਹਿਆਂਵਾਲੇ ਬਾਗ ਵਿੱਚ ਭਾਰੀ ਇਕੱਠ ਬੁਲਾ ਕੇ ਅਗਾਂਹਵਧੂ ਪੜ੍ਹੇ-ਲਿਖੇ ਵਿਦਵਾਨਾਂ ਨੇ ਸੰਸਥਾ ਨੂੰ ਸੰਬੋਧਨ ਕੀਤਾ ।ਦੀਵਾਨ ਤੋਂ ਬਾਅਦ ਵੱਡੀ ਗਿਣਤੀ ਵਿੱਚ ਪਛੜੀਆਂ ਜਾਤੀਆਂ ਦੇ ਅਤੇ ਰਾਮਦਾਸੀਏ ਸਿੱਖਾਂ ਨੂੰ ਅੰਮ੍ਰਿਤ ਛਕਾ ਕੇ ਉਨ੍ਹਾਂ ਵੱਲੋਂ ਤਿਆਰ ਕੀਤੇ ਕੜਾਹ-ਪ੍ਰਸ਼ਾਦਿ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿੱਚ ਪ੍ਰਵਾਨ ਕਰਵਾਉਣ ਲਈ ਨਵੇਂ ਸਜੇ ਸਿੰਘਾਂ ਦਾ ਜਥਾ ਬੜੀ ਸ਼ਰਧਾ ਤੇ ਸਤਿਕਾਰ ਨਾਲ ਸ੍ਰੀ ਗੁਰੂ ਰਾਮਦਾਸ ਜੀ ਦੇ ਦਰ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਹਾਜ਼ਰ ਹੋਇਆ ।ਪਰ ਅੰਗ੍ਰੇਜ਼ ਹਕੂਮਤ ਦੀ ਪਾੜੋ ਤੇ ਰਾਜ ਕਰੋ ਦੀ ਨੀਤੀ ਮੁਤਾਬਿਕ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸੇਵਾਦਾਰ ਦੀ ਅੰਗ੍ਰੇਜ਼ ਪ੍ਰਸਤ ਹੋਣ ਕਰਕੇ ਕੜਾਹ ਪ੍ਰਸ਼ਾਦਿ ਪ੍ਰਵਾਨ ਕਰਨ ਅਤੇ ਅਰਦਾਸ ਕਰਨ ਤੋਂ ਇਨਕਾਰ ਕਰਕੇ ਬਾਹਰ ਭੱਜ ਗਏ ।ਹੁਣ ਇਸ ਸੰਸਥਾ ਦੇ ਸਿੰਘਾਂ ਵੱਲੋਂ ਪ੍ਰਸ਼ਾਦਿ ਪ੍ਰਵਾਨ ਕਰਵਾਉਣ ਲਈ ਖੁਦ ਅਰਦਾਸ ਕੀਤੀ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਮੁੱਖ ਵਾਕ ਲਿਆ ਗਿਆ ।ਜਾਗਤ-ਜੋਤਿ ਸਤਿਗੁਰੂ ਦਾ ਪਾਵਨ ਹੁਕਮ ਅਜਿਹੀ ਉਦਾਰ ਭਾਵਨਾ ਵਾਲਾ ਸੀ, ਜਿਸ ਨੂੰ ਸਰਵਣ ਕਰਦਿਆਂ ਹੀ ਨਵੇਂ ਸਜੇ ਸਿੰਘਾਂ ਦੇ ਚਿਹਰਿਆਂ 'ਤੇ ਨੂਰ ਤੇ ਲਾਲੀ ਦੇ ਭਾਵ ਪ੍ਰਗਟ ਹੋ ਗਏ ।ਜਦੋਂ ਹੁਣ ਇਹ ਸਾਰੇ ਸਿੰਘ ਸ੍ਰੀ ਅਕਾਲ ਤਖ਼ਤ ਸਾਹਿਬ ਪੁੱਜੇ ਤਾਂ ਉਥੋਂ ਦੇ ਸੇਵਾਦਾਰ ਵੀ ਖਿਸਕ ਗਏ ।ਸ੍ਰੀ ਅਕਾਲ ਤਖ਼ਤ ਸਾਹਿਬ ਹਾਜ਼ਰ ਗੁਰਦੁਆਰਾ ਸੁਧਾਰ ਲਹਿਰ ਦੇ ਪ੍ਰਮੁੱਖ ਆਗੂ ਜਥੇਦਾਰ ਕਰਤਾਰ ਸਿੰਘ ਭੁੱਚਰ ਅਤੇ ਜਥੇਦਾਰ ਕਰਤਾਰ ਸਿੰਘ ਝੱਬਰ ਨੇ ਅਰਦਾਸ ਕੀਤੀ ।

ਇਸ ਅਨੋਖੀ ਘਟਨਾ ਤੋਂ ਪਿੱਛੋਂ ਇਕ 25 ਮੈਂਬਰੀ ਕਮੇਟੀ ਬਣਾ ਕੇ ਜਿਸ ਵਿੱਚ ਅਖੌਤੀ ਪੱਛੜੀਆਂ ਸ਼੍ਰੇਣੀਆਂ ਦੇ ਸਿੰਘਾਂ ਨੂੰ ਵੀ ਸ਼ਾਮਿਲ ਕੀਤਾ ਗਿਆ ।ਇਸ ਦਾ ਉਦੇਸ਼ ਗੁਰਧਾਮਾਂ ਨੂੰ ਪਰੰਪਰਾਵਾਂ ਦੀ ਤੇ ਕੱਟੜਵਾਦੀ ਪੁਜਾਰੀਆਂ ਤੋਂ ਆਜ਼ਾਦ ਕਰਵਾਉਣਾ ਅਤੇ ਪੱਛੜੀਆਂ ਜਾਤੀਆਂ ਦੇ ਸਿੱਖਾਂ ਵਿੱਚ ਬਰਾਬਰੀ ਦੀ ਭਾਵਨਾ ਦਾ ਵਿਕਾਸ ਕਰਨਾ ਸੀ ।ਅਸਲ ਵਿੱਚ ਇਹ ਘਟਨਾ-ਕ੍ਰਮ ਗੁਰਦੁਆਰਾ ਸੁਧਾਰ ਲਹਿਰ ਦਾ ਆਰੰਭ ਸੀ ।ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਸਥਾਪਨਾ ਤੋਂ ਬਾਅਦ 1939 ਅਤੇ 1941 ਤੱਕ ਇਸ ਸੰਸਥਾ ਨੇ ਧਰਮ-ਪ੍ਰਚਾਰ ਅਤੇ ਸਮਾਜ ਸੁਧਾਰ ਲਈ ਵੱਡੇ ਯਤਨ ਕੀਤੇ ।ਜਿਸ ਨਾਲ ਸਿੱਖ ਧਰਮ ਵਿੱਚ ਅਕੀਦਾ ਤੇ ਵਿਸ਼ਵਾਸ ਰੱਖਣ ਵਾਲਿਆਂ ਦੀ ਗਿਣਤੀ ਵਿੱਚ ਚੋਖਾ ਵਾਧਾ ਹੋਇਆ ।ਨਵੀਂ ਬਣੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿੱਚ ਪ੍ਰਤੀਨਿੱਧਤਾ ਦਿੱਤੀ ਗਈ ਅਤੇ ਫੌਜ ਵਿੱਚ ਭਰਤੀ ਕਰਨ ਦੀ ਮੰਗ ਵੀ ਸਵੀਕਾਰੀ ਗਈ ।ਇਸ ਯਤਨ ਨਾਲ ਸਿੱਖਾਂ ਵਿੱਚ ਉਦਾਰ-ਚੇਤਨਾ ਦਾ ਪ੍ਰਸਾਰ ਹੋਇਆ, ਸਿੱਟੇ ਵਜੋਂ ਦੂਜੇ ਧਰਮਾਂ ਵਿੱਚ ਰਹਿਣ ਵਾਲੇ ਦਲਿਤ ਵੀ ਸਿੱਖ ਧਰਮ ਨੂੰ ਅਪਨਾਉਣ ਲੱਗੇ ।ਇਸ ਘਟਨਾ ਦੇ ਸੂਤਰਧਾਰ ਜਥੇਦਾਰ ਮਹਿਤਾਬ ਸਿੰਘ 1960 ਈ: ਵਿੱਚ ਇਸ ਫਾਨੀ ਸੰਸਾਰ ਤੋਂ ਕੂਚ ਕਰ ਗਏ ।ਅੱਜ ਸਾਨੂੰ ਫਿਰ ਸੁਚੇਤ ਹੋਣਾ ਪਵੇਗਾ, ਕਿਤੇ ਮੁੜ ਅਜਿਹੀਆਂ ਪਰੰਪਰਾਵਾਦੀ ਤੇ ਕੱਟੜਪੰਥੀ ਜਥੇਬੰਦੀਆਂ ਸਰਬਸਾਂਝੇ ਤੇ ਵਿਲੱਖਣ ਸੋਚ ਦੇ ਧਾਰਨੀ ਖ਼ਾਲਸਾ-ਪੰਥ ਵਿੱਚ ਤ੍ਰੇੜਾਂ ਪਾ ਕੇ ਸਾਨੂੰ ਖੇਰੂੰ-ਖੇਰੂੰ ਕਰਨ ਦੇ ਮਨਸੂਬੇ ਤਾਂ ਨਹੀਂ ਬਣਾ ਰਹੀਆਂ ।

### ਮਰਿਆਦਾ ਦੇ ਨਾਂ 'ਤੇ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਲਈ

# ਮਾਨ ਖ਼ਿਲਾਫ਼ ਕੇਸ ਦਰਜ ਹੋਵੇ: ਪ੍ਰੋ. ਸਰਚਾਂਦ ਸਿੰਘ ਖਿਆਲਾ

**☛ ਮਾਨ ਦੱਸਣ ਕਿ ਕੀ ਪੁਲਿਸ ਚਰਨ ਗੰਗਾ ਤੋਂ ਅੱਗੇ ਜੁੱਤੀਆਂ ਪਾ ਕੇ ਗਈ ਸੀ ? ਨਹੀਂ ਤਾਂ ਦਿੱਲੀ ਪੁਲਿਸ ਨੂੰ 'ਤਾਲਿਬਾਨੀ' ਕਹਿਣਾ ਕਿੱਥੋਂ ਦੀ ਇਮਾਨਦਾਰੀ ਹੈ ? ☛ ਕੀ ਹੁਣ ਸਿੱਖਾਂ ਨੂੰ ਗੁਰੂ-ਦੋਖੀ ਤੇ ਪੰਥ-ਵਿਰੋਧੀ ਭਗਵੰਤ ਮਾਨ ਤੋਂ ਧਾਰਮਿਕ ਮਰਿਆਦਾ ਦਾ ਪਾਠ ਪੜ੍ਹਨਾ ਹੋਵੇਗਾ ?**



ਅੰਮ੍ਰਿਤਸਰ, 11 ਅਕਤੂਬਰ: ਪੰਜਾਬ ਭਾਜਪਾ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਦਿੱਲੀ ਪੁਲਿਸ 'ਤੇ ਗੁਰਦੁਆਰਾ ਬੰਗਲਾ ਸਾਹਿਬ ਵਿੱਚ ਬੂਟ ਪਾ ਕੇ ਦਾਖ਼ਲ ਹੋਣ ਅਤੇ ਗੁਰੂ ਘਰ ਦੀ ਮਰਿਆਦਾ ਭੰਗ ਕਰਨ ਦੇ ਲਾਏ ਦੋਸ਼ਾਂ 'ਤੇ ਪਲਟਵਾਰ ਕਰਦਿਆਂ ਦਿੱਲੀ ਪੁਲਿਸ ਤੋਂ ਮਾਨ ਖ਼ਿਲਾਫ਼ ਕੇਸ ਦਰਜ ਕਰਨ ਦੀ ਮੰਗ ਕੀਤੀ। ਉਨ੍ਹਾਂ ਦੋਸ਼ ਲਾਇਆ ਕਿ ਮਾਨ ਨੇ ਆਪਣੇ ਅਧਿਕਾਰਤ ਐਕਸ ਅਕਾਊਂਟ 'ਤੇ ਇਸ ਮਾਮਲੇ ਸਬੰਧੀ ਗ.ਲਤ ਜਾਣਕਾਰੀ ਦੇ ਕੇ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਅਤੇ ਭੜਕਾਉਣ ਦੀ ਕੋਸ਼ਿਸ਼ ਕੀਤੀ ਹੈ। ਪ੍ਰੋ. ਖਿਆਲਾ ਨੇ ਸਵਾਲ ਕੀਤਾ ਕਿ ਮਾਨ ਦੱਸਣ ਕਿ ਕੀ ਪੁਲਿਸ ਚਰਨ ਗੰਗਾ ਤੋਂ ਅੱਗੇ ਜੁੱਤੀਆਂ ਪਾ ਕੇ ਗਈ ਸੀ ?ਉਨ੍ਹਾਂ ਕਿਹਾ ਕਿ ਇਸ ਦੀ ਪੁਸ਼ਟੀ ਤੋਂ ਬਿਨਾਂ ਦਿੱਲੀ ਪੁਲਿਸ ਨੂੰ 'ਤਾਲਿਬਾਨੀ' ਕਹਿਣਾ ਕਿੰਨਾ ਜਾਇਜ਼ ਹੈ ? ਵਾਇਰਲ ਵੀਡੀਓ ਵਿੱਚ ਦਿੱਲੀ ਪੁਲਿਸ ਦੇ ਮੁਲਾਜ਼ਮ ਉਸ ਆਮ ਰਸਤੇ ਤੋਂ ਲੰਘ ਰਹੇ ਸਨ, ਜਿੱਥੋਂ ਸੰਗਤ ਜੁੱਤੀਆਂ ਉਤਾਰਨ ਲਈ ਜੋੜਾ ਘਰ ਵੱਲ ਜਾਂਦੀ ਹੈ। ਉਨ੍ਹਾਂ ਕਿਹਾ ਕਿ ਘਟਨਾ ਦੀ ਅਸਲ ਸਥਿਤੀ ਸਪੱਸ਼ਟ ਹੋਣ ਤੋਂ ਪਹਿਲਾਂ ਧਾਰਮਿਕ ਭਾਵਨਾਵਾਂ ਭੜਕਾਉਣ ਵਾਲੇ ਬਿਆਨ ਦੇਣਾ ਗੈਰ-ਜ਼ਿੰਮੇਵਾਰਾਨਾ ਹੈ। ਪ੍ਰੋ. ਖਿਆਲਾ ਨੇ ਮਾਨ ਨੂੰ ਸਵਾਲ ਕੀਤਾ ਕਿ ਜਿਹੜੇ ਵਿਅਕਤੀ 'ਤੇ ਸਿੱਖ ਗੁਰੂ ਸਾਹਿਬਾਨ ਦੀਆਂ ਤਸਵੀਰਾਂ ਨਾਲ ਅਪਮਾਨਜਨਕ ਹਰਕਤਾਂ ਦੇ ਮਾਮਲੇ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਗੁਰੂ-ਦੋਖੀ ਤੇ ਪੰਥ-ਵਿਰੋਧੀ ਕਰਾਰ ਦਿੰਦਿਆਂ ਸਖ਼ਤ ਧਾਰਮਿਕ ਕਾਰਵਾਈ ਕੀਤੀ ਗਈ ਹੋਵੇ, ਅਤੇ ਜਿਸ ਦੀ ਪੁਲੀਸ ਨੇ ਸੁਲਤਾਨਪੁਰ ਲੋਧੀ ਦੇ ਗੁਰਦੁਆਰਾ ਅਕਾਲ ਬੁੰਗਾ 'ਤੇ ਗੋਲ਼ੀਬਾਰੀ ਕੀਤੀ ਹੋਵੇ ਕੀ ਉਹ ਦੂਜਿਆਂ ਨੂੰ ਧਾਰਮਿਕ ਮਰਿਆਦਾ ਦਾ ਪਾਠ ਪੜ੍ਹਾਏਗਾ ? ਕੀ ਉਸ ਨੂੰ ਪਹਿਲਾਂ ਆਪਣੇ ਵਿਹਾਰ 'ਤੇ ਸ਼ਰਮਿੰਦਾ ਹੋ ਕੇ ਜਵਾਬ ਨਹੀਂ ਦੇਣਾ ਚਾਹੀਦਾ ? ਉਨ੍ਹਾਂ ਕਿਹਾ ਕਿ ਗੁਰੂ ਘਰ ਦੀ ਪਵਿੱਤਰਤਾ ਅਤੇ ਸਿੱਖ ਮਰਿਆਦਾ ਕਿਸੇ ਪਾਰਟੀ ਦੀ ਜਾਗੀਰ ਨਹੀਂ ਹਨ। ਗੁਰੂ ਘਰ ਦੀ ਪਵਿੱਤਰਤਾ ਨੂੰ ਸਿਆਸੀ ਹਥਿਆਰ ਬਣਾਉਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਮੁਤਾਬਕ, ਪ੍ਰਦਰਸ਼ਨਕਾਰੀ ਤਖ਼ਤੀਆਂ ਲੈ ਕੇ ਗੁਰਦੁਆਰਾ ਕੰਪਲੈਕਸ ਵਿੱਚ ਦਾਖ਼ਲ ਹੋਏ ਅਤੇ ਨਾਅਰੇਬਾਜ਼ੀ ਕੀਤੀ। ਪੁਲਿਸ ਨੇ ਉਨ੍ਹਾਂ ਦੇ ਅੰਦਰ ਜਾਣ ਤੋਂ ਬਾਅਦ ਦਖ਼ਲ ਦਿੱਤਾ। ਗੁਰੂ ਘਰ ਹਰ ਲੋੜਵੰਦ ਲਈ ਦਰਵਾਜ਼ੇ ਖੁੱਲ੍ਹੇ ਰੱਖਦੇ ਹਨ, ਪਰ ਧਾਰਮਿਕ ਅਸਥਾਨਾਂ ਨੂੰ ਸਿਆਸੀ ਪ੍ਰਦਰਸ਼ਨਾਂ ਲਈ ਢਾਲ ਨਹੀਂ ਬਣਾਇਆ ਜਾ ਸਕਦਾ। ਮਾਨ ਨੂੰ ਪੁਲਿਸ ਦੀ ਆਲੋਚਨਾ ਕਰਨ ਤੋਂ ਪਹਿਲਾਂ ਇਹ ਵੀ ਦੱਸਣਾ ਚਾਹੀਦਾ ਹੈ ਕਿ ਗੁਰਦੁਆਰਾ ਸਾਹਿਬ ਨੂੰ ਸਿਆਸੀ ਪ੍ਰਦਰਸ਼ਨ ਦਾ ਮੰਚ ਕਿਸ ਨੇ ਤੇ ਕਿਉਂ ਬਣਾਇਆ ?

ਉਨ੍ਹਾਂ ਕਿਹਾ ਕਿ ਜਾਂਚ ਤੋਂ ਪਹਿਲਾਂ ਦਿੱਲੀ ਪੁਲਿਸ ਨੂੰ 'ਤਾਲਿਬਾਨੀ' ਕਹਿਣਾ ਅਤੇ ਭਾਜਪਾ ਨੂੰ ਸਿੱਖ ਵਿਰੋਧੀ ਦਿਖਾਉਣਾ ਸਿਆਸੀ ਲਾਹੇ ਲਈ ਧਾਰਮਿਕ ਭਾਵਨਾਵਾਂ ਦੀ ਵਰਤੋਂ ਕਰਨਾ ਹੈ। ਸੰਗਤ ਨੂੰ ਗੁਮਰਾਹ ਕਰਨ ਅਤੇ ਉਨ੍ਹਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਭੜਕਾਉਣ ਦੀ ਇਸ ਸ਼ਰਮਨਾਕ ਹਰਕਤ ਲਈ ਸਿੱਖ ਕੌਮ ਭਗਵੰਤ ਮਾਨ ਨੂੰ ਕਦੇ ਵੀ ਮੁਆਫ਼ ਨਹੀਂ ਕਰੇਗੀ।

# ਕਾਂਗਰਸ ਦੇ ਨਵੇਂ ਬਣੇ ਸੂਬਾ ਪ੍ਰਧਾਨ ਸ. ਪਰਗਟ ਸਿੰਘ ਨੂੰ ਮਿਲੇ ਸੀਨੀਅਰ ਕਾਂਗਰਸੀ ਆਗੂ ਕ੍ਰਿਸ਼ਨ ਸਿੰਘ ਭਾਗੀਵਾਂਦਰ

## ਰਿਹਾਇਸ਼ 'ਤੇ ਪਹੁੰਚ ਕੇ ਦਿੱਤੀਆਂ ਵਧਾਈਆਂ, ਪਾਰਟੀ ਦੀ ਮਜ਼ਬੂਤੀ ਲਈ ਇਕਜੁੱਟ ਹੋ ਕੇ ਕੰਮ ਕਰਨ 'ਤੇ ਦਿੱਤਾ ਜ਼ੋਰ



**ਤਲਵੰਡੀ ਸਾਬੋ, 11 ਅਕਤੂਬਰ (ਗੁਰਜੰਟ ਸਿੰਘ ਨਥੇਹਾ)**-ਕਾਂਗਰਸ ਪਾਰਟੀ ਦੇ ਨਵੇਂ ਬਣੇ ਸੂਬਾ ਪ੍ਰਧਾਨ ਸ. ਪਰਗਟ ਸਿੰਘ ਨੂੰ ਤਲਵੰਡੀ ਸਾਬੋ ਦੇ ਸੀਨੀਅਰ ਕਾਂਗਰਸੀ ਆਗੂ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਉਨ੍ਹਾਂ ਦੀ ਰਿਹਾਇਸ਼ 'ਤੇ ਪਹੁੰਚ ਕੇ ਮੁਲਾਕਾਤ ਕੀਤੀ ਅਤੇ ਸੂਬਾ ਪ੍ਰਧਾਨ ਬਣਨ 'ਤੇ ਵਧਾਈ ਦਿੱਤੀ। ਇਸ ਮੌਕੇ ਉਨ੍ਹਾਂ ਨੇ ਆਸ ਪ੍ਰਗਟਾਈ ਕਿ ਨਵੀਂ ਜ਼ਿੰਮੇਵਾਰੀ ਮਿਲਣ ਨਾਲ ਪੰਜਾਬ ਵਿੱਚ ਕਾਂਗਰਸ ਪਾਰਟੀ ਨੂੰ ਹੋਰ ਮਜ਼ਬੂਤੀ ਮਿਲੇਗੀ ਅਤੇ ਪਾਰਟੀ ਵਰਕਰਾਂ ਵਿੱਚ ਨਵਾਂ ਉਤਸ਼ਾਹ ਪੈਦਾ ਹੋਵੇਗਾ ।ਮੁਲਾਕਾਤ ਦੌਰਾਨ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਸ. ਪਰਗਟ ਸਿੰਘ ਨੂੰ ਨਵੀਂ ਜ਼ਿੰਮੇਵਾਰੀ ਲਈ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਪਾਰਟੀ ਦੀ ਮਜ਼ਬੂਤੀ ਲਈ ਸਾਰੇ ਆਗੂਆਂ ਅਤੇ ਵਰਕਰਾਂ ਨੂੰ ਇਕਜੁੱਟ ਹੋ ਕੇ ਕੰਮ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜ਼ਮੀਨੀ ਪੱਧਰ 'ਤੇ ਲੋਕਾਂ ਨਾਲ ਜੁੜ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸਮਝਣਾ ਅਤੇ ਉਨ੍ਹਾਂ ਦੀ ਆਵਾਜ਼ ਨੂੰ ਉੱਚ ਪੱਧਰ ਤੱਕ ਪਹੁੰਚਾਉਣਾ ਪਾਰਟੀ ਦੀ ਅਹਿਮ ਜ਼ਿੰਮੇਵਾਰੀ ਹੈ। ਇਸ ਮੌਕੇ ਉਨ੍ਹਾਂ ਨੇ ਉਮੀਦ ਜਤਾਈ ਕਿ ਸ. ਪਰਗਟ ਸਿੰਘ ਦੀ ਅਗਵਾਈ ਹੇਠ ਪਾਰਟੀ ਨੂੰ ਨਵੀਂ ਦਿਸ਼ਾ ਮਿਲੇਗੀ ਅਤੇ ਪੰਜਾਬ ਦੇ ਲੋਕਾਂ ਨਾਲ ਜੁੜੇ ਮੁੱਦਿਆਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਉਠਾਇਆ ਜਾਵੇਗਾ। ਇਸ ਮੌਕੇ ਕਾਂਗਰਸ ਪਾਰਟੀ ਦੇ ਸਥਾਨਕ ਆਗੂ ਅਤੇ ਜਗਤਾਰ ਸਿੰਘ ਮੈਨੂੰਆਣਾ, ਰਣਬੀਰ ਸਿੰਘ ਸ਼ੇਖਪੁਰਾ ਜਿਲਾ ਵਾਈਸ ਪ੍ਰਧਾਨ ਬਠਿੰਡਾ ਦਿਹਾਤੀ, ਰਾਮ ਸਿੰਘ ਲੇਲੇਵਾਲਾ, ਜਗਤਾਰ ਸਿੰਘ ਮੈਨੂੰਆਣਾ, ਮੇਜਰ ਸਿੰਘ ਜਗਾ ਰਾਮ ਤੀਰਥ, ਵਿਕਾਸ ਸ਼ਰਮਾ ਤਲਵੰਡੀ, ਬਲਜੀਤ ਸਿੰਘ ਭਾਗੀਵਾਂਦਰ ਯੂਥ ਆਗੂ ਤਲਵੰਡੀ ਆਦਿ ਹਾਜ਼ਰ ਸਨ।

# ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਨੇ ਨੈਤਿਕ ਸਿੱਖਿਆ ਪ੍ਰੀਖਿਆ 2026 ਦੇ ਨਤੀਜੇ ਐਲਾਨੇ

## 40 ਸਕੂਲਾਂ ਦੇ 2500 ਵਿਦਿਆਰਥੀਆਂ ਨੇ ਕੀਤੀ ਸੀ ਸ਼ਮੂਲੀਅਤ



ਤਲਵੰਡੀ ਸਾਬੋ, 11 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਖੇਤਰ ਤਲਵੰਡੀ ਸਾਬੋ ਵੱਲੋਂ ਅਗਸਤ ਮਹੀਨੇ ਦੌਰਾਨ ਨੈਤਿਕ ਸਿੱਖਿਆ ਪ੍ਰੀਖਿਆ ਦਾ ਆਯੋਜਨ ਕੀਤਾ ਗਿਆ ਸੀ, ਜਿਸ ਵਿੱਚ 40 ਸਕੂਲਾਂ ਦੇ 2500 ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ ਸੀ। ਇਸ ਪ੍ਰੀਖਿਆ ਦਾ ਨਤੀਜਾ ਅੱਜ ਸਮੂਹ ਮੈਂਬਰਾਂ ਦੀ ਹਾਜ਼ਰੀ ਵਿੱਚ ਖੇਤਰ ਸਕੱਤਰ ਸਾਬਕਾ ਇੰਸਪੈਕਟਰ ਸ਼ਮਸ਼ੇਰ ਸਿੰਘ ਅਤੇ ਸੀਨੀਅਰ ਮੈਂਬਰ ਪ੍ਰੋ. ਗੁਰਜੀਤ ਸਿੰਘ ਵੱਲੋਂ ਜਾਰੀ ਕੀਤਾ ਗਿਆ। ਇਸ ਮੌਕੇ ਦਸਤਾਰ ਕੋਚ ਲਖਵੀਰ ਸਿੰਘ ਨੱਤ, ਮਾਸਟਰ ਸੁਖਰਾਜ ਸਿੰਘ ਸੰਦੋਹਾ, ਗੁਰਜੰਟ ਸਿੰਘ ਨਥੇਹਾ, ਗੁਰਤੇਜ ਸਿੰਘ ਮਲਕਾਣਾ, ਭਾਈ ਹਰਪਾਲ ਸਿੰਘ ਆਦਿ ਹਾਜ਼ਰ ਸਨ। ਸਮੂਹ ਮੈਂਬਰਾਂ ਨੇ ਪ੍ਰੀਖਿਆ ਵਿੱਚੋਂ ਸਫ਼ਲ ਵਿਦਿਆਰਥੀਆਂ ਤੇ ਉਹਨਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ। ਇਮਤਿਹਾਨ ਦੇ ਪ੍ਰਾਪਤ ਨਤੀਜਿਆਂ ਅਨੁਸਾਰ ਦਰਜਾ ਦੂਜਾ (6ਵੀਂ ਤੋਂ 8ਵੀਂ) ਵਿਚ ਸਿਮਰਨਜੀਤ ਕੌਰ ਪੁੱਤਰੀ ਸੁਖਚਰਨ ਸਿੰਘ, ਸੁਦੇਸ਼ ਵਾਟਿਕਾ ਕਾਨਵੈਂਟ ਸਕੂਲ, ਭਾਗੀਵਾਂਦਰ ਪਹਿਲਾ ਸਥਾਨ, ਸਹਿਜਵੀਰ ਕੌਰ ਪੁੱਤਰੀ ਹਰਜੀਤ ਸਿੰਘ, ਅਕਾਲ ਅਕੈਡਮੀ ਦਮਦਮਾ ਸਾਹਿਬ ਦੂਸਰਾ ਸਥਾਨ, ਪੁਨੀਤ ਕੌਰ ਪੁੱਤਰੀ ਜਗਤਾਰ ਸਿੰਘ, ਖਾਲਸਾ ਗਰਲਜ਼ ਸੀ.ਸੈ.ਸਕੂਲ, ਤਲਵੰਡੀ ਸਾਬੋ ਨੇ ਤੀਸਰਾ ਸਥਾਨ, ਨਵਨੀਤ ਕੌਰ ਪੁੱਤਰੀ ਜਗਮੀਤ ਸਿੰਘ, ਸੁਦੇਸ਼ ਵਾਟਿਕਾ ਕਾਨਵੈਂਟ ਸਕੂਲ, ਭਾਗੀਵਾਂਦਰ ਨੇ ਚੌਥਾ ਸਥਾਨ ਅਤੇ ਸੁਖਮਨ ਕੌਰ ਪੁੱਤਰੀ ਕੁਲਦੀਪ ਸਿੰਘ, ਅਕਾਲ ਅਕੈਡਮੀ ਬਾਘਾ ਨੇ ਪੰਜਵਾਂ ਸਥਾਨ ਹਾਸਲ ਕੀਤਾ ਹੈ। ਇਸੇ ਤਰਾਂ ਦਰਜਾ ਤੀਜਾ (9ਵੀਂ ਤੋਂ 12ਵੀਂ) ਦੇ ਪ੍ਰਾਪਤ ਨਤੀਜਿਆਂ ਅਨੁਸਾਰ ਹਰਜੋਤ ਕੌਰ ਪੁੱਤਰੀ ਨੱਥਾ ਸਿੰਘ, ਮਾਸਟਰ ਮਾਈਂਡ ਪਬਲਿਕ ਸਕੂਲ ਬੰਘੀ ਰਘੂ ਨੇ ਪਹਿਲਾ ਸਥਾਨ, ਦਮਨਜੀਤ ਕੌਰ ਪੁੱਤਰੀ ਬੂਟਾ ਸਿੰਘ ਅਕਾਲ ਅਕੈਡਮੀ ਦਮਦਮਾ ਸਾਹਿਬ ਨੇ ਦੂਸਰਾ ਸਥਾਨ, ਸਿਮਰਨਪ੍ਰੀਤ ਕੌਰ ਪੁੱਤਰੀ ਜਨਕ ਰਾਜ, ਖਾਲਸਾ ਗਰਲਜ਼ ਸੀ.ਸੈ.ਸਕੂਲ ਤਲਵੰਡੀ ਸਾਬੋ ਅਤੇ ਜਸਵਿੰਦਰ ਕੌਰ ਪੁੱਤਰੀ ਦਲਜੀਤ ਸਿੰਘ, ਅਕਾਲ ਅਕੈਡਮੀ ਭਾਈ ਦੇਸਾ ਦੋਨਾਂ ਨੇ ਤੀਸਰਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਅਰਾਧਨਾ ਪੁੱਤਰੀ ਰਾਮਸ਼ੰਕਰ ਯਾਦਵ, ਸੁਦੇਸ਼ ਵਾਟਿਕਾ ਕਾਨਵੈਂਟ ਸਕੂਲ, ਭਾਗੀਵਾਂਦਰ ਨੇ ਚੌਥਾ ਸਥਾਨ ਅਤੇ ਸੁਖਦੀਪ ਸਿੰਘ ਪੁੱਤਰ ਗੁਰਪਿਆਰ ਸਿੰਘ, ਗੁਰੂ ਗੋਬਿੰਦ ਸਿੰਘ ਪਬ. ਸਕੂਲ, ਜੋਗੇਵਾਲਾ ਨੇ ਪੰਜਵਾਂ ਸਥਾਨ ਹਾਸਲ ਕੀਤਾ। ਇਸ ਤੋਂ ਇਲਾਵਾ ਦੋਵਾਂ ਦਰਜਿਆਂ ਦੇ 50 ਤੋਂ ਵੱਧ ਵਿਦਿਆਰਥੀਆਂ ਨੇ ਮੈਰਿਟ ਸਥਾਨ ਹਾਸਲ ਕੀਤੇ ਹਨ। ਇਸ ਸਬੰਧੀ ਹੋਰ ਜਾਣਕਾਰੀ ਦਿੰਦੇ ਹੋਏ ਸੀਨੀਅਰ ਮੈਂਬਰ ਪ੍ਰੋ. ਗੁਰਜੀਤ ਸਿੰਘ ਨੱਤ ਨੇ ਦੱਸਿਆ ਕਿ ਇਹਨਾਂ ਵਿਦਿਆਰਥੀਆਂ ਨੂੰ ਸੰਸਥਾਂ ਵੱਲੋਂ ਮਿਤੀ 6 ਨਵੰਬਰ 2026 ਨੂੰ ਕਰਵਾਏ ਜਾ ਰਹੇ ਅੰਤਰ ਸਕੂਲ ਯੁਵਕ ਮੇਲੇ ਦੌਰਾਨ ਨਗਦ ਇਨਾਮਾਂ ਅਤੇ ਯਾਦਗਾਰੀ ਚਿੰਨਾਂ ਨਾਲ ਸਨਮਾਨਿਤ ਕੀਤਾ ਜਾਵੇਗਾ। ਉਨਾਂ ਨੈਤਿਕ ਸਿੱਖਿਆ ਪ੍ਰੀਖਿਆ ਨੂੰ ਸਫਲ ਬਣਾਉਣ ਲਈ ਸਹਿਯੋਗ ਦੇਣ ਵਾਲੇ ਸਮੂਹ ਸਕੂਲ ਪ੍ਰਿੰਸੀਪਲ ਸਾਹਿਬਾਨ, ਅਧਿਆਪਕ ਸਾਹਿਬਾਨਾਂ ਅਤੇ ਡਿਊਟੀ ਦੇਣ ਵਾਲੇ ਸੱਜਣਾਂ ਦਾ ਧੰਨਵਾਦ ਕੀਤਾ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਅਕਾਲ ਯੂਨੀਵਰਸਿਟੀ ਦਾ

# ‘ਖੇਡਾਂ ਵਤਨ ਪੰਜਾਬ ਦੀਆਂ 2026’ ਵਿੱਚ ਸ਼ਾਨਦਾਰ ਪ੍ਰਦਰਸ਼ਨ





**ਤਲਵੰਡੀ ਸਾਬੋ, 11 ਅਕਤੂਬਰ (ਗੁਰਜੰਟ ਸਿੰਘ ਨਥੇਹਾ)**-ਪੰਜਾਬ ਸਰਕਾਰ ਦੇ ਖੇਡ ਵਿਭਾਗ ਵੱਲੋਂ ਉਲੀਕੇ ਗਏ ਵਿਸ਼ੇਸ਼ ਉੱਦਮ ‘ਖੇਡਾਂ ਵਤਨ ਪੰਜਾਬ ਦੀਆਂ 2026’ ਤਹਿਤ ਬਠਿੰਡਾ ਵਿਖੇ ਆਯੋਜਿਤ ਕੀਤੇ ਗਏ ਜ਼ਿਲ੍ਹਾ ਪੱਧਰੀ ਹਾਕੀ ਮੁਕਾਬਲਿਆਂ ਵਿੱਚ ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ ਦੀ ਮਹਿਲਾ ਹਾਕੀ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਯੂਨੀਵਰਸਿਟੀ ਦਾ ਨਾਮ ਰੌਸ਼ਨ ਕੀਤਾ ਹੈ। ਇਸ ਖੇਡ ਪ੍ਰਤੀਯੋਗਤਾ ਵਿੱਚ ਅਕਾਲ ਯੂਨੀਵਰਸਿਟੀ ਦੀ ਟੀਮ ਨੇ ਆਪਣੀ ਬਹਿਤਰੀਨ ਖੇਡ ਬਦੌਲਤ ਦੂਜਾ ਸਥਾਨ ਹਾਸਲ ਕਰਕੇ ਸਿਲਵਰ ਮੈਡਲ ਆਪਣੇ ਨਾਮ ਕੀਤਾ। ਇਸ ਜ਼ਿਲ੍ਹਾ ਪੱਧਰੀ ਟੂਰਨਾਮੈਂਟ ਵਿੱਚ ਅਕਾਲ ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਤੋਂ ਕੁੱਲ 19 ਖਿਡਾਰਨਾਂ ਨੇ ਹਿੱਸਾ ਲਿਆ। ਪੂਰੇ ਟੂਰਨਾਮੈਂਟ ਦੌਰਾਨ ਯੂਨੀਵਰਸਿਟੀ ਦੀ ਟੀਮ ਨੇ ਸ਼ਾਨਦਾਰ ਖੇਡ ਭਾਵਨਾ, ਆਪਸੀ ਤਾਲਮੇਲ, ਸਖ਼ਤ ਮਿਹਨਤ ਅਤੇ ਦ੍ਰਿੜ੍ਹ ਇਰਾਦੇ ਦਾ ਮੁਜ਼ਾਹਰਾ ਕੀਤਾ, ਜਿਸ ਦੇ ਸਦਕਾ ਟੀਮ ਰਨਰ-ਅੱਪ ਬਣਨ ਦੀ ਅਹਿਮ ਪ੍ਰਾਪਤੀ ਹਾਸਲ ਕਰ ਸਕੀ। ਚਾਂਦੀ ਦਾ ਤਗਮਾ ਜਿੱਤਣ ਵਾਲੀ ਇਸ ਟੀਮ ਵਿੱਚ ਯੂਨੀਵਰਸਿਟੀ ਦੇ ਵੱਖ-ਵੱਖ ਅਕਾਦਮਿਕ ਵਿਭਾਗਾਂ ਦੀਆਂ ਵਿਦਿਆਰਥਣਾਂ ਸ਼ਾਮਲ ਸਨ। ਕਾਮਰਸ ਵਿਭਾਗ ਤੋਂ ਬਰਕਤਵੀਰ ਕੌਰ, ਅਰਸ਼ਪ੍ਰੀਤ ਕੌਰ, ਹਰਪ੍ਰੀਤ ਕੌਰ, ਕੁਦਰਤਪ੍ਰੀਤ ਕੌਰ, ਅੰਮ੍ਰਿਤਪਾਲ ਕੌਰ, ਪ੍ਰਦੀਪ ਕੌਰ, ਪੂਨਮਪ੍ਰੀਤ ਕੌਰ, ਗੁਰਲੀਨ ਕੌਰ ਅਤੇ ਗੁਰਮਨਪ੍ਰੀਤ ਕੌਰ ਨੇ ਟੀਮ ਦੀ ਨੁਮਾਇੰਦਗੀ ਕੀਤੀ। ਕੰਪਿਊਟਰ ਸਾਇੰਸ ਐਂਡ ਇੰਜੀਨੀਅਰਿੰਗ ਵਿਭਾਗ ਤੋਂ ਜਸਨੂਰ ਕੌਰ, ਏਕਮਪ੍ਰੀਤ ਕੌਰ, ਰਮਨੀਕ ਕੌਰ ਅਤੇ ਰਮਨਦੀਪ ਕੌਰ ਨੇ ਭਾਗ ਲਿਆ। ਇਸ ਤੋਂ ਇਲਾਵਾ ਗਣਿਤ ਵਿਭਾਗ ਤੋਂ ਖੁਸ਼ਮੀਤ ਕੌਰ ਅਤੇ ਹਰਨੀਤ ਕੌਰ, ਮੈਨੇਜਮੈਂਟ ਵਿਭਾਗ ਤੋਂ ਗੁਰਸਿਮਰਨ ਕੌਰ, ਮਨੋਵਿਗਿਆਨ ਵਿਭਾਗ ਤੋਂ ਕਰਨਾਜ ਕੌਰ ਅਤੇ ਗੁਰਜੋਤ ਕੌਰ ਅਤੇ ਐਜੂਕੇਸ਼ਨ ਵਿਭਾਗ ਤੋਂ ਹਰਸਿਮਰਨ ਕੌਰ ਨੇ ਟੀਮ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾਇਆ। ਇਸੇ ਲੜੀ ਤਹਿਤ 2 ਅਕਤੂਬਰ 2026 ਨੂੰ ਕਰਵਾਏ ਗਏ ਖੇਡ ਮੁਕਾਬਲਿਆਂ ਦੌਰਾਨ ਗਣਿਤ ਵਿਭਾਗ ਦੀ ਬੀ.ਐੱਸ.ਸੀ. ਭਾਗ ਪਹਿਲਾ ਦੀ ਹੋਣਹਾਰ ਖਿਡਾਰਨ ਗੁਰਅੰਸ਼ਵੀਰ ਕੌਰ, ਯੂ.ਆਈ.ਡੀ. 262606015 ਨੇ ਆਪਣੀ ਖੇਡ ਦਾ ਬਿਹਤਰੀਨ ਪ੍ਰਦਰਸ਼ਨ ਕਰਦਿਆਂ ਸੋਨ ਤਗਮਾ ਆਪਣੇ ਨਾਂ ਕੀਤਾ ਹੈ। ਫੈਂਸਿੰਗ ਦੇ ਅੰਡਰ-21 ਉਮਰ ਵਰਗ ਦੇ ਮੁਕਾਬਲਿਆਂ ਵਿੱਚ ਗੁਰਅੰਸ਼ਵੀਰ ਕੌਰ ਨੇ ਸ਼ੁਰੂਆਤ ਤੋਂ ਹੀ ਆਪਣਾ ਦਬਦਬਾ ਬਣਾ ਕੇ ਰੱਖਿਆ। ਉਸ ਨੇ ਆਪਣੇ ਸ਼ਾਨਦਾਰ ਤਕਨੀਕੀ ਕੌਸ਼ਲ, ਫੁਰਤੀ ਅਤੇ ਸਹੀ ਨਿਸ਼ਾਨੇਬਾਜ਼ੀ ਦੀ ਬਦੌਲਤ ਵਿਰੋਧੀ ਖਿਡਾਰੀਆਂ ਨੂੰ ਮਾਤ ਦਿੰਦਿਆਂ ਪਹਿਲਾ ਸਥਾਨ ਹਾਸਲ ਕੀਤਾ ਅਤੇ ਸੋਨ ਤਗਮਾ ਜਿੱਤ ਕੇ ਸੰਸਥਾ ਅਤੇ ਆਪਣੇ ਪਰਿਵਾਰ ਦਾ ਨਾਂ ਰੋਸ਼ਨ ਕੀਤਾ। ਜ਼ਿਲ੍ਹਾ ਪੱਧਰ ’ਤੇ ਮਿਲੀ ਇਸ ਸ਼ਾਨਦਾਰ ਜਿੱਤ ਨਾਲ ਉਸ ਨੇ ਅਗਲੇ ਪੜਾਅ ਦੇ ਰਾਜ ਪੱਧਰੀ ਮੁਕਾਬਲਿਆਂ ਲਈ ਵੀ ਆਪਣੀ ਥਾਂ ਪੱਕੀ ਕਰ ਲਈ ਹੈ। ਖਿਡਾਰਨਾਂ ਦੀ ਇਸ ਵਿਸ਼ੇਸ਼ ਪ੍ਰਾਪਤੀ ’ਤੇ ਅਕਾਲ ਯੂਨੀਵਰਸਿਟੀ ਪ੍ਰਬੰਧਕਾਂ ਵੱਲੋਂ ਸਮੁੱਚੀ ਟੀਮ ਨੂੰ ਉਚੇਚੇ ਤੌਰ ’ਤੇ ਵਧਾਈ ਦਿੱਤੀ ਗਈ। ਯੂਨੀਵਰਸਿਟੀ ਪ੍ਰਸ਼ਾਸਨ ਨੇ ਕਿਹਾ ਕਿ ਇਹ ਜਿੱਤ ਵਿਦਿਆਰਥਣਾਂ ਦੀ ਲਗਾਤਾਰ ਮਿਹਨਤ ਅਤੇ ਖੇਡਾਂ ਪ੍ਰਤੀ ਸਮਰਪਣ ਦਾ ਨਤੀਜਾ ਹੈ ਅਤੇ ਯੂਨੀਵਰਸਿਟੀ ਭਵਿੱਖ ਵਿੱਚ ਵੀ ਆਪਣੇ ਵਿਦਿਆਰਥੀਆਂ ਨੂੰ ਖੇਡਾਂ ਦੇ ਖੇਤਰ ਵਿੱਚ ਅੱਗੇ ਵਧਣ ਲਈ ਹਰ ਸੰਭਵ ਸਹਿਯੋਗ ਦਿੰਦੀ ਰਹੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਮੰਗਾਂ ਨੂੰ ਲੈ ਕੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਕੀਤੀ ਵਿਸ਼ਾਲ ਰੈਲੀ



**ਫ਼ਿਰੋਜ਼ਪੁਰ, 11 ਅਕਤੂਬਰ (ਮਨੋਹਰ ਲਾਲ) :—** ਪੰਜਾਬ ਸਰਕਾਰ ਵੱਲੋਂ ਮੁਲਾਜਮ ਤੇ ਪੈਨਸ਼ਨਰਜ ਦੇ ਬਣਦੇ ਹੱਕ ਨਾ ਦੇਣ ਅਤੇ ਵਾਰ—ਵਾਰ ਗੱਲਬਾਤ ਤੋਂ ਭੱਜਣ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਾਉਣ, ਪਰਖ ਅਧੀਨ ਸੇਵਾਵਾਂ ਦੀ ਪੂਰੀ ਤਨਖਾਹ ਦੇਣ, ਬਕਾਏ ਦੀਆਂ ਕਿਸ਼ਤਾਂ ਇਕ ਵਾਰ ਵਿੱਚ ਦੇਣ, ਕੱਚੇ ਮੁਲਾਜ਼ਮ ਪੱਕੇ ਕਰਨ ਬਣਦਾ ਮਾਨ ਭੱਤਾ ਵਧਾਉਣ ਆਦਿ ਮੰਗਾਂ ਮਨਵਾਉਣ ਲਈ ਅੱਜ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ ਸਾਂਝਾ ਮੋਰਚਾ ਵੱਲੋਂ ਸੰਗਰੂਰ ਵਿਖੇ ਵਿਸ਼ਾਲ ਰੈਲੀ ਕੀਤੀ ਗਈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਮੋਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਪੰਜਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਨੇ ਕਿਹਾ ਕਿ ਇਸ ਰੈਲੀ ਵਿੱਚ ਪੰਜਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਬਲਵਿੰਦਰ ਸਿੰਘ ਸੰਧੂ ਦੀ ਅਗਵਾਈ ਵਿੱਚ ਪੰਜਾਬ ਭਰ ਤੋਂ ਵਣ ਪੈਨਸ਼ਨਰਜ ਅਤੇ ਵਣ ਮੁਲਾਜ਼ਮ ਭਾਰੀ ਗਿਣਤੀ ਵਿੱਚ ਪੰਜਾਬ ਸਰਕਾਰ ਵਿਰੁੱਧ ਨਾਅਰੇਬਾਜ਼ੀ ਕਰਦੇ ਰੈਲੀ ਵਿੱਚ ਸ਼ਾਮਿਲ ਹੋਏ, ਜਿਸ ਵਿੱਚ ਰਸ਼ਪਾਲ ਸਿੰਘ ਬਠਿੰਡਾ, ਸਤਪਾਲ ਸਿੰਘ ਜਲੰਧਰ, ਭਜਨ ਸਿੰਘ, ਭਰਪੂਰ ਸਿੰਘ ਸੰਗਰੂਰ, ਪਵਨ ਕੁਮਾਰ ਪੂਰੀ ਪਟਿਆਲਾ, ਮੋਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ, ਅਜੇ ਕੁਮਾਰ ਮੋਗਾ, ਹਰਦੀਪ ਸਿੰਘ ਪਨੇਸਰ ਜਨਰਲ ਸਕੱਤਰ ਮੁਲਾਜ਼ਮ ਆਗੂ, ਕਰਮਜੀਤ ਸਿੰਘ ਜਗਰਾਓਂ, ਪ੍ਰਿਥੀ ਰਾਜ, ਰਉਪਾਸ਼, ਕੁਲਵੰਤ ਸਿੰਘ ਅਬੋਹਰ, ਦਰਬਾਰਾ ਸਿੰਘ, ਸੱਜਨ ਸਿੰਘ, ਗੁਰਮੇਲ ਸਿੰਘ ਲੁਧਿਆਣਾ ਆਦਿ ਨੇ ਰੈਲੀ ਵਿੱਚ ਹਿੱਸਾ ਲਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਅਬਦੁੱਲਾਪੁਰ ਚੁਹਾਣੇ ਦੁਸਹਿਰੇ ਦੀ ਦਸਮੀਂ ਦੇ ਦਿਹਾੜੇ ਤੇ ਮਹਾਨ ਗੁਰਮਤਿ ਸਮਾਗਮ 21 ਅਕਤੂਬਰ ਨੂੰ: ਬਾਬਾ ਕੁਲਵਿੰਦਰ ਸਿੰਘ

## ਸੰਤ ਬਾਬਾ ਰਵਿੰਦਰ ਸਿੰਘ ਜੋਨੀ ਤਰਖਾਣਬੱਧ ਵਾਲੇ ਵਿਸ਼ੇਸ਼ ਤੌਰ ’ਤੇ ਹਾਜਰੀ ਭਰਨਗੇ



ਮਾਲੇਰਕੋਟਲਾ ( ਰਣਜੀਤ ਸਿੰਘ ਪੇਧਨੀ ) ਧੰਨ ਧੰਨ ਬਾਬੇ ਸਿੰਘ ਸ਼ਹੀਦ ਸੇਵਾ ਐਂਡ ਵੈਲਫੇਅਰ ਸੁਸਾਇਟੀ (ਰਜਿ:), ਨੌਜਵਾਨ ਸਭਾ ਅਤੇ ਸਮੂਹ ਨਗਰ ਨਿਵਾਸੀ ਸੰਗਤ ਦੇ ਸਹਿਯੋਗ ਦੇ ਨਾਲ ਗੁਰਦੁਆਰਾ ਧੰਨ ਧੰਨ ਬਾਬੇ ਸਿੰਘ ਸ਼ਹੀਦ (ਵੱਡਾ ਘੱਲੂਘਾਰਾ) ਦੇ ਪਵਿੱਤਰ ਅਸਥਾਨ ਅਬਦੁੱਲਾਪੁਰ ਚੁਹਾਣੇ ਵਿਖੇ ਅਕਤੂਬਰ ਮਹੀਨੇ ਦੁਸਹਿਰੇ ਦੀ ਦਸਮੀਂ ਦੇ ਦਿਹਾੜੇ ਤੇ ਮਹਾਨ ਗੁਰਮਤਿ ਸਮਾਗਮ ਅਸਥਾਨ ਦੇ ਮੁੱਖ ਸੇਵਾਦਾਰ ਬਾਬਾ ਕੁਲਵਿੰਦਰ ਸਿੰਘ ਦੀ ਅਗਵਾਈ ਹੇਠ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਬਾਬਾ ਕੁਲਵਿੰਦਰ ਸਿੰਘ ਨੇ ਕਿਹਾ ਕਿ ਮਿਤੀ 21 ਅਕਤੂਬਰ 2026 ਦਿਨ ਬੁੱਧਵਾਰ ਨੂੰ ਅਬਦੁੱਲਾਪੁਰ ਚੁਹਾਣੇ ਕਲਾਂ ਵਿਖੇ ਸਵੇਰੇ 8:00 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ। ਉਪਰੰਤ 1:30 ਵਜੇ ਦੁਪਹਿਰ ਤੱਕ ਕੀਰਤਨ ਦੀਵਾਨ ਸਜਣਗੇ। ਜਿਸ ਵਿੱਚ ਸੰਤ ਬਾਬਾ ਰਵਿੰਦਰ ਸਿੰਘ ਜੀ ਜੋਨੀ (ਨਾਨਕਸਰ ਠਾਠ) ਵਾਲੇ ਵਿਸ਼ੇਸ਼ ਤੌਰ ’ਤੇ ਹਾਜਰੀ ਭਰਨਗੇ ਅਤੇ ਬੇਅੰਤ ਮਹਾਂਪੁਰਸ਼, ਪੰਥ ਪ੍ਰਸਿੱਧ ਕੀਰਤਨੀਏ, ਰਾਗੀ ਤੇ ਢਾਡੀ ਜੱਥੇ ਹਾਜਰੀਆਂ ਭਰਨਗੇ ਅਤੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ 30ਵਾਂ ਮਹਾਨ ਸੰਤ ਸਮਾਗਮ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ ਸਮਾਗਮ



ਫ਼ਿਰੋਜ਼ਪੁਰ, 11 ਅਕਤੂਬਰ (ਮਨੋਹਰ ਲਾਲ) :— ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ 30ਵਾਂ ਮਹਾਨ ਸੰਤ ਸਮਾਗਮ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ ਧਾਰਮਿਕ ਸਮਾਗਮ ਬੜੇ ਹੀ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ। ਇਹ ਸਮਾਗਮ ਅਮਰ ਸ਼ਹੀਦ ਬਾਬਾ ਹਿੰਮਤ ਸਿੰਘ ਜੀ ਬਾਠ ਤੇ ਭੰਡਾਰਾ ਸੰਤ ਮਹਿਰਾਮ ਦਾਸ ਜੀ ਦੀ ਯਾਦ ਨੂੰ ਸਮਰਪਿਤ ਮਹਾਨ ਸੰਤ ਸਮਾਗਮ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਤੇ ਸਭ ਤੋਂ ਪਹਿਲਾ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣ ਗਏ ਭੋਗ ਉਪਰੰਤ ਦੀਵਾਨ ਸਜਾਏ ਜਾਣਗੇ। ਇਸ ਮੌਕੇ ਤੇ ਬਾਬਾ ਜੀਵਨ ਸਿੰਘ ਬਗੀਚੀ ਵਾਲੇ, ਗਿਆਨੀ ਬਲਵਿੰਦਰ ਸਿੰਘ ਗੁਰਦੁਆਰਾ ਜਾਮਣੀ ਸਾਹਿਬ ਬਜੀਦਪੁਰ, ਭਾਈ ਨਿਰਭੈ ਸਿੰਘ ਪੰਜਗਰਾਈਂ ਵਾਲੇ ਕਥਾ ਕੀਰਤਨ ਰਾਹੀ ਸੰਗਤਾਂ ਨੂੰ ਨਿਹਾਲ ਕਰਨਗੇ। ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਨੇ ਦਸਿਆ ਕਿ ਇਸ ਮੌਕੇ ਭਾਰੀ ਗਿਣਤੀ ਵਿੱਚ ਸੰਤ ਮਹਾਂਪੁਰਖ ਤੋਂ ਇਲਾਵਾ ਵੱਖ—ਵੱਖ ਧਾਰਮਿਕ, ਰਾਜਨੀਤਿਕ ਸ਼ਖ਼ਸੀਅਤਾਂ ਅਤੇ ਨਿਰਮਲੇ ਸੰਪਰਦਾਵਾਂ ਵੱਲੋਂ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰਨਗੇ। ਇਸ ਮੌਕੇ ਤੇ ਗੁਰੂ ਕਾ ਲੰਗਰ, ਮਾਲ੍ਹਪੂੜੇ ਅਤੇ ਖੀਰ ਦਾ ਲੰਗਰ ਤਿੰਨ ਦਿਨ ਅਤੰਟ ਵਰਤਾਇਆ ਜਾਵੇਗਾ। ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲਿਆਂ ਨੇ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਭਾਰੀ ਗਿਣਤੀ ਵਿੱਚ ਪੰਹਚ ਕੇ ਆਏ ਹੋਏ ਮਹਾਂਪੁਰਖਾ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫ਼ਲ ਬਨਾਉ।

ਆਵਾਜ਼ਿ ਕੌਮ AWAZE QAUM International Newspaper & WEB TV





**ਜਨਮ ਦਿਨ ਮੁਬਾਰਕ**

**ਹਰਗੁਨ ਕੌਰ**
ਪਿੰਡ ਫਤਿਹਗੜ ਛੰਨਾ
ਮਾਤਾ ਰਾਜਵਿੰਦਰ ਕੌਰ
ਪਿਤਾ ਸੰਦੀਪ ਸਿੰਘ

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਦੁਨੀਆ ਭਰ ਦੇ ਗੁਰਦੁਆਰਿਆਂ ਵਿੱਚ

# ਸ਼ਹੀਦ ਭਾਈ ਤਲਵਿੰਦਰ ਸਿੰਘ ਪਰਮਾਰ ਸਾਹਿਬ ਦੀ ਯਾਦ ਨੂੰ ਸਮਰਪਿਤ ਵਿਸ਼ੇਸ਼ ਸਮਾਗਮ ਕਰਵਾਉਣ ਦੀ ਅਪੀਲ: ਭਾਈ ਪਰਮਜੀਤ ਸਿੰਘ ਭਿਓਰਾ



**ਨਵੀਂ ਦਿੱਲੀ 11 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:- ਅਸੁਰ ਸੰਘਾਰਬੇ ਕਉ, ਦੁਰਜਨ ਕੇ ਮਾਰਬੇ ਕਉ, ਪਤਿਤ ਉਧਾਰਬੇ ਕਉ ਖਾਲਸਾ ਬਨਾਯੋ ਹੈ। ਦੁਸ਼ਟ ਦਮਨ ਸਤਿਗੁਰੂ ਜੀ ਦੀ 96 ਕਰੋੜੀ ਭੁਜੰਗ ਫੌਜ ਦੇ ਮਹਾਨ ਸਿਪਾਹਸਾਲਾਰ, ਨੌਂ-ਖੰਡੀ ਖਾਲਸਾਈ ਝੰਡੇ ਝੁਲਾਉਣ ਵਾਲੀ ਕਲਗੀਧਰ ਪਾਤਸ਼ਾਹ ਦੀ ਵਿਸ਼ੇਸ਼ ਫੌਜੀ ਟੁਕੜੀ ਦੇ ਮਹਾਨ ਜੋਧੇ, ਖਾਲਸੇ ਦੇ ਪਾਤਸ਼ਾਹੀ ਦਾਅਵੇ "ਕਿ ਰਾਜ ਕਰੈ ਹੈਂ ਕਿ ਲੜ ਮਰੈ ਹੈਂ" ਦੇ ਸਿਧਾਂਤ 'ਤੇ ਪੂਰਨ ਪਹਿਰਾ ਦੇਣ ਵਾਲੇ ਅਮਰ ਸ਼ਹੀਦ ਭਾਈ ਸਾਹਿਬ ਭਾਈ ਫੌਜਾ ਸਿੰਘ ਦੀ ਵਹੀਰ ਦੇ ਮਹਾਨ ਜੋਧਿਆਂ ਵਿੱਚੋਂ ਭਾਈ ਤਲਵਿੰਦਰ ਸਿੰਘ ਪਰਮਾਰ ਵੀ ਇੱਕ ਸਨ। ਭਾਈ ਤਲਵਿੰਦਰ ਸਿੰਘ ਪਰਮਾਰ ਨੇ ਬੱਬਰ ਖਾਲਸਾ ਦੇ ਬਾਨੀ ਜਥੇਦਾਰ ਵਜੋਂ ਖਾਲਸਾਈ ਹੱਕਾਂ ਦੀ ਆਵਾਜ਼ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਬੁਲੰਦ ਕੀਤਾ ਅਤੇ ਦੁਨੀਆ ਸਾਹਮਣੇ ਸਿੱਖਾਂ ਦੇ ਹੱਕਾਂ ਨਾਲ ਜੁੜੇ ਮੁੱਦਿਆਂ ਨੂੰ ਉਭਾਰਿਆ। ਐਸੇ ਮਹਾਨ ਜੋਧੇ ਭਾਈ ਤਲਵਿੰਦਰ ਸਿੰਘ ਪਰਮਾਰ ਦੇ ਸ਼ਹੀਦੀ ਦਿਵਸ ਮੌਕੇ ਉਨ੍ਹਾਂ ਦੀ ਸ਼ਹਾਦਤ ਨੂੰ ਸਤਿਕਾਰ ਸਹਿਤ ਯਾਦ ਕਰਦਿਆਂ ਇਹ ਵੀ ਯਾਦ ਕਰਨਾ ਬਣਦਾ ਹੈ ਕਿ ਉਹ ਭਾਈ ਸਾਹਿਬ ਭਾਈ ਰਣਧੀਰ ਸਿੰਘ ਜੀ ਦੀ ਉਸ ਬਾਲ ਫੁਲਵਾੜੀ ਨਾਲ ਜੁੜੇ ਹੋਏ ਸਨ, ਜਿਸ ਨੇ ਗਦਰੀ ਬਾਬਿਆਂ ਅਤੇ ਬੱਬਰ ਜੋਧਿਆਂ ਦੀ ਕੁਰਬਾਨੀ ਦੀ ਪਰੰਪਰਾ ਤੋਂ ਪ੍ਰੇਰਣਾ ਲੈਂਦਿਆਂ ਅਖੰਡ ਕੀਰਤਨੀ ਜਥੇ ਦੀ ਗੁਰਮੁਖੀ ਅਤੇ ਪੰਥਕ ਵਿਰਾਸਤ ਨੂੰ ਅੱਗੇ ਤੋਰਿਆ ਉਪਰਲੇ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਬੁੜੈਲ ਜੇਲ੍ਹ ਅੰਦਰ ਨਜ਼ਰਬੰਦ ਭਾਈ ਪਰਮਜੀਤ ਸਿੰਘ ਭਿਓਰਾ ਨੇ ਭਾਈ ਤਲਵਿੰਦਰ ਸਿੰਘ ਪਰਮਾਰ ਦੇ ਸ਼ਹੀਦੀ ਦਿਵਸ ਮੌਕੇ ਸਿੱਖ ਸੰਗਤ ਨੂੰ ਤਿੱਖਾ ਸੰਦੇਸ਼ ਦਿੰਦਿਆਂ ਕਿਹਾ ਹੈ ਕਿ ਭਾਈ ਸਾਹਿਬ ਦੀ ਸ਼ਹਾਦਤ ਨੂੰ ਸਿਰਫ਼ ਇੱਕ ਸਾਲਾਨਾ ਯਾਦ ਤੱਕ ਸੀਮਤ ਨਾ ਕੀਤਾ ਜਾਵੇ, ਸਗੋਂ ਉਨ੍ਹਾਂ ਦੇ ਜੀਵਨ, ਵਿਚਾਰਾਂ ਅਤੇ ਕੁਰਬਾਨੀ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਇਆ ਜਾਵੇ। ਭਾਈ ਭਿਓਰਾ ਨੇ ਭਾਈ ਤਲਵਿੰਦਰ ਸਿੰਘ ਪਰਮਾਰ ਨੂੰ ਅਖੰਡ ਕੀਰਤਨੀ ਜਥੇ ਦੇ ਉੱਘੇ ਗੁਰਮੁਖ ਅਤੇ ਪੰਥਕ ਸੰਘਰਸ਼ ਦੇ ਪ੍ਰਮੁੱਖ ਚਿਹਰੇ ਵਜੋਂ ਯਾਦ ਕਰਦਿਆਂ ਉਨ੍ਹਾਂ ਦੀ ਸ਼ਹਾਦਤ ਨੂੰ "ਕੌਮੀ ਇਤਿਹਾਸ ਦਾ ਅਹਿਮ ਅਧਿਆਇ" ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਭਾਈ ਸਾਹਿਬ ਨੇ ਆਪਣੇ ਵਿਸ਼ਵਾਸ ਅਤੇ ਪੰਥਕ ਹੱਕਾਂ ਦੀ ਆਵਾਜ਼ ਨੂੰ ਅੰਤਰਰਾਸ਼ਟਰੀ ਪੱਧਰ ਤੱਕ ਪਹੁੰਚਾਇਆ। ਭਾਈ ਭਿਓਰਾ ਨੇ ਸਿੱਖ ਸੰਗਤਾਂ ਨੂੰ ਅਪੀਲ ਕੀਤੀ ਕਿ ਸ਼ਹੀਦੀ ਦਿਵਸ ਮੌਕੇ ਦੁਨੀਆ ਭਰ ਦੇ ਗੁਰਦੁਆਰਿਆਂ ਵਿੱਚ ਭਾਈ ਤਲਵਿੰਦਰ ਸਿੰਘ ਪਰਮਾਰ ਦੀ ਯਾਦ ਨੂੰ ਸਮਰਪਿਤ ਢਾਡੀ ਦਰਬਾਰ, ਕਵੀਸ਼ਰੀ ਦਰਬਾਰ, ਕੀਰਤਨ ਦਰਬਾਰ, ਕਵੀ ਦਰਬਾਰ ਅਤੇ ਇਤਿਹਾਸਕ ਵਿਚਾਰ-ਗੋਸ਼ਟੀਆਂ ਕਰਵਾਈਆਂ ਜਾਣ। ਉਨ੍ਹਾਂ ਕਿਹਾ ਕਿ ਅੱਜ ਦੀ ਪੀੜ੍ਹੀ ਨੂੰ ਆਪਣੇ ਇਤਿਹਾਸ ਨਾਲ ਜੋੜਨਾ ਸਮੇਂ ਦੀ ਵੱਡੀ ਲੋੜ ਹੈ। ਉਨ੍ਹਾਂ ਦੇ ਸ਼ਬਦਾਂ ਵਿੱਚ, ਸ਼ਹਾਦਤਾਂ ਦੀ ਅਸਲ ਯਾਦ ਉਹੀ ਹੈ ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਆਪਣੇ ਸਿਧਾਂਤ, ਵਿਰਸੇ, ਹੱਕਾਂ ਅਤੇ ਜ਼ਿੰਮੇਵਾਰੀਆਂ ਪ੍ਰਤੀ ਜਾਗਰੂਕ ਕਰੇ। ਭਾਈ ਪਰਮਜੀਤ ਸਿੰਘ ਭਿਓਰਾ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਭਾਈ ਤਲਵਿੰਦਰ ਸਿੰਘ ਪਰਮਾਰ ਦੀ ਯਾਦ ਨੂੰ ਸੱਚੀ ਸ਼ਰਧਾਂਜਲੀ ਸਿਰਫ਼ ਨਾਅਰਿਆਂ ਜਾਂ ਸਮਾਗਮਾਂ ਤੱਕ ਸੀਮਤ ਨਹੀਂ ਹੋਣੀ ਚਾਹੀਦੀ। ਉਨ੍ਹਾਂ ਅਨੁਸਾਰ ਸਿੱਖ ਸੰਗਤ ਨੂੰ ਗੁਰਬਾਣੀ, ਸੇਵਾ, ਪੰਥਕ ਏਕਤਾ ਅਤੇ ਆਪਣੇ ਇਤਿਹਾਸ ਦੀ ਸਮਝ ਨੂੰ ਮਜ਼ਬੂਤ ਕਰਨਾ ਚਾਹੀਦਾ ਹੈ। ਉਨ੍ਹਾਂ ਨੇ ਸੰਗਤ ਨੂੰ ਸੱਦਾ ਦਿੱਤਾ ਕਿ ਭਾਈ ਸਾਹਿਬ ਦੀ ਸ਼ਹਾਦਤ ਦੇ ਮੌਕੇ 'ਤੇ ਪੰਥਕ ਇਤਿਹਾਸ, ਸ਼ਹੀਦਾਂ ਦੀਆਂ ਕੁਰਬਾਨੀਆਂ ਅਤੇ ਸਿੱਖ ਸਿਧਾਂਤਾਂ 'ਤੇ ਗੰਭੀਰ ਵਿਚਾਰ-ਵਟਾਂਦਰਾ ਕੀਤਾ ਜਾਵੇ ਅਤੇ ਨੌਜਵਾਨ ਪੀੜ੍ਹੀ ਨੂੰ ਆਪਣੇ ਵਿਰਸੇ ਨਾਲ ਜੋੜਨ ਲਈ ਠੋਸ ਉਪਰਾਲੇ ਕੀਤੇ ਜਾਣ ਅਤੇ ਪ੍ਰਣ ਕਰੀਏ ਕਿ ਅਸੀਂ ਸਾਰੇ ਆਪਣੀਆਂ ਅੰਤਮ ਸਵਾਸਾਂ ਤੱਕ ਖਾਲਸਾਈ ਹਲੇਮੀ ਰਾਜ ਪ੍ਰਾਪਤ ਕਰਨ ਲਈ ਜਤਨਸ਼ੀਲ ਰਹਾਂਗੇ, ਭਾਵੇਂ ਸਾਡੇ ਸਿਰਾਂ 'ਤੇ ਆਰੇ ਚੱਲਣ, ਭਾਵੇਂ ਸਾਨੂੰ ਦੇਗਾਂ ਵਿੱਚ ਉਬਾਲਿਆ ਜਾਵੇ, ਭਾਵੇਂ ਸਾਨੂੰ ਚਰਖੜੀਆਂ 'ਤੇ ਚੜ੍ਹਾਇਆ ਜਾਵੇ, ਭਾਵੇਂ ਸਾਡੇ ਖੋਪਰ ਲਾ ਦਿੱਤੇ ਜਾਣ, ਅਸੀਂ ਖਾਲਸਾਈ ਹਲੇਮੀ ਰਾਜ ਦੀ ਪ੍ਰਾਪਤੀ ਤੱਕ ਸੰਘਰਸ਼ਸ਼ੀਲ ਰਹਾਂਗੇ। ਇਹੋ ਭਾਈ ਸਾਹਿਬ ਦੀ ਮਹਾਨ ਯਾਦ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ। "ਭਾਈ ਤਲਵਿੰਦਰ ਸਿੰਘ ਪਰਮਾਰ ਦੀ ਸ਼ਹਾਦਤ ਨੂੰ ਲੱਖ-ਲੱਖ ਕੇਸਰੀ ਸਲਾਮਾਂ ਅਤੇ ਕੋਟਿ-ਕੋਟਿ ਪ੍ਰਣਾਮ"।

ਆਵਾਜ਼ਿ ਕੌਮ AWAZE QAUM International Newspaper & WEB TV

**ਕੌਮੀ ਸ਼ਹਾਦਤਾਂ ਨੂੰ ਸਿਰਫ਼ ਯਾਦ ਨਹੀਂ, ਇਤਿਹਾਸ ਦੀ ਜ਼ਿੰਮੇਵਾਰੀ ਵਜੋਂ ਸੰਭਾਲਿਆ ਜਾਏ**

### ਬੱਡੀ ਵਰਗੀਆਂ ਖੇਡਾਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਖੇਡ ਸੱਭਿਆਚਾਰ ਨਾਲ ਜੋੜਨ ਵਿੱਚ

# ਅਹਿਮ ਭੂਮਿਕਾ ਨਿਭਾਉਂਦੀਆਂ ਹਨ: ਦਲਵੀਰ ਸਿੰਘ ਢਿੱਲੋਂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਹਲਕਾ ਧੂਰੀ ਦੇ ਪਿੰਡ ਸ਼ੇਰਪੁਰ ਸੋਢੀਆਂ ਵਿਖੇ ਸੰਗਰੂਰ ਕਬੱਡੀ ਲੀਗ ਸੀਜ਼ਨ-2 ਦਾ ਫਾਈਨਲ ਮੈਚ ਅਤੇ ਅੰਤਰਰਾਸ਼ਟਰੀ ਕਬੱਡੀ ਕਲੱਬਾਂ ਵਿਚਕਾਰ ਸ਼ੋਅ-ਮੈਚ ਬੜੇ ਉਤਸ਼ਾਹ ਅਤੇ ਸ਼ਾਨੋ-ਸ਼ੌਕਤ ਨਾਲ ਕਰਵਾਇਆ ਗਿਆ। ਇਸ ਖੇਡ ਸਮਾਗਮ ਵਿੱਚ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ (ਪੀ.ਐੱਸ.ਆਈ.ਈ.ਸੀ.) ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ, ਜਦਕਿ ਕੌਂਸਲਰ ਪੁਸ਼ਿਪੰਦਰ ਸ਼ਰਮਾ ਵੀ ਮੌਜੂਦ ਰਹੇ। ਇਸ ਮੌਕੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਖਿਡਾਰੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਅਤੇ ਟੂਰਨਾਮੈਂਟ ਦੇ ਸਫ਼ਲ ਆਯੋਜਨ ਲਈ ਪ੍ਰਬੰਧਕਾਂ ਦੇ ਉਪਰਾਲੇ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਕਬੱਡੀ ਪੰਜਾਬ ਦੀ ਅਮੀਰ ਖੇਡ ਵਿਰਾਸਤ ਦਾ ਅਹਿਮ ਹਿੱਸਾ ਹੈ ਅਤੇ ਅਜਿਹੇ ਖੇਡ ਮੁਕਾਬਲੇ ਨੌਜਵਾਨਾਂ ਵਿੱਚ ਖੇਡਾਂ ਪ੍ਰਤੀ ਰੁਚੀ ਪੈਦਾ ਕਰਨ ਦੇ ਨਾਲ-ਨਾਲ ਉਨ੍ਹਾਂ ਦੀ ਊਰਜਾ ਨੂੰ ਉਸਾਰੂ ਪਾਸੇ ਲਾਉਣ ਵਿੱਚ ਮਦਦਗਾਰ ਸਾਬਤ ਹੁੰਦੇ ਹਨ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਸਿਹਤਮੰਦ ਜੀਵਨਸ਼ੈਲੀ ਅਪਣਾਉਣ ਲਈ ਖੇਡਾਂ ਨਾਲ ਜੋੜਨਾ ਬੇਹੱਦ ਜ਼ਰੂਰੀ ਹੈ। ਪਿੰਡਾਂ ਵਿੱਚ ਅਜਿਹੇ ਖੇਡ ਮੇਲੇ ਨੌਜਵਾਨਾਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਲਈ ਮੰਚ ਪ੍ਰਦਾਨ ਕਰਦੇ ਹਨ ਅਤੇ ਆਪਸੀ ਭਾਈਚਾਰੇ ਤੇ ਸਾਂਝ ਨੂੰ ਵੀ ਮਜ਼ਬੂਤ ਕਰਦੇ ਹਨ। ਉਨ੍ਹਾਂ ਕਿਹਾ ਕਿ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਸਮਾਜਿਕ ਸੰਸਥਾਵਾਂ, ਗ੍ਰਾਮ ਪੰਚਾਇਤਾਂ ਅਤੇ ਖੇਡ ਕਲੱਬਾਂ ਦੀ ਭੂਮਿਕਾ ਸ਼ਲਾਘਾਯੋਗ ਹੈ। ਅਜਿਹੇ ਸਾਂਝੇ ਉਪਰਾਲਿਆਂ ਨਾਲ ਪੇਂਡੂ ਖੇਤਰਾਂ ਵਿੱਚ ਖੇਡ ਸੱਭਿਆਚਾਰ ਨੂੰ ਹੋਰ ਮਜ਼ਬੂਤੀ ਮਿਲਦੀ ਹੈ ਅਤੇ ਨੌਜਵਾਨਾਂ ਨੂੰ ਆਪਣੀ ਕਾਬਲੀਅਤ ਨਿਖਾਰਨ ਦੇ ਮੌਕੇ ਮਿਲਦੇ ਹਨ। ਇਸ ਮੌਕੇ ਹਰਦੀਪ ਸਿੰਘ ਬਬਲੂ ਚੇਅਰਮੈਨ, ਗੁਰਸੇਵਕ ਸਿੰਘ ਸੇਬੀ ਕਾਂਝਲਾ ਪ੍ਰਧਾਨ, ਉੱਘੇ ਸਮਾਜ ਸੇਵੀ ਭਾਨ ਸਿੰਘ ਜੱਸੀ, ਪੁਸਪਿੰਦਰ ਸਰਮਾ ਐਮ ਸੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**ਪਿੰਡ ਸ਼ੇਰਪੁਰ ਸੋਢੀਆਂ ਵਿਖੇ ਕਰਵਾਇਆ ਸੰਗਰੂਰ ਕਬੱਡੀ ਲੀਗ ਸੀਜ਼ਨ-2 ਦਾ ਮੈਚ**

# ਦਵਾਈਆਂ ਦੇ ਵਪਾਰਕ ਮੁਨਾਫ਼ੇ ਤੇ ਲਗਾਮ ਲੱਗਣੀ ਅਤਿ ਜ਼ਰੂਰੀ—ਇੰਜ ਸੁਰਿੰਦਰ ਸਿੰਘ ਭਿੰਡਰ



**ਫ਼ਿਰੋਜ਼ਪੁਰ, 11 ਅਕਤੂਬਰ (ਮਨੋਹਰ ਲਾਲ)** :— ਅਧਿਕਾਰ ਸੰਘਰਸ਼ ਪਾਰਟੀ ਦੇ ਪੰਜਾਬ ਪ੍ਰਧਾਨ ਇੰਜ ਸੁਰਿੰਦਰ ਸਿੰਘ ਭਿੰਡਰ ਨੇ ਗੱਲਬਾਤ ਕਰਦਿਆਂ ਕਿਹਾ ਕਿ ਗੈਰ ਸੂਚੀਬੱਧ ਕੈਂਸਰ ਰੋਕੂ ਦਵਾਈਆਂ ਦੇ ਮੁਨਾਫ਼ੇ ਦੀ ਹੱਦ 30 ਪ੍ਰਤੀਸ਼ਤ ਤੈਅ ਕਰਨ ਦਾ ਸਰਕਾਰ ਦਾ ਫੈਸਲਾ ਸ਼ਲਾਘਾਯੋਗ ਹੈ। ਸਿਹਤ ਦੇ ਇਸ ਮਹੱਤਵਪੂਰਨ ਖੇਤਰ ਵਿਚ ਮਰੀਜ਼ਾਂ ਕੋਲ ਦਵਾਈਆਂ ਖਰੀਦਣ ਤੋਂ ਇਲਾਵਾ ਹੋਰ ਕੋਈ ਪ੍ਰਬੰਧ ਨਹੀਂ ਹੁੰਦਾ, ਪੀੜਤ ਪਰਿਵਾਰ ਨੂੰ ਕੈਂਸਰ ਦਾ ਇਲਾਜ਼ ਵਿੱਤੀ ਤੌਰ ਤੇ ਝੰਜੋੜ ਕੇ ਰੱਖ ਦਿੰਦਾ ਹੈ। ਇਸ ਲਈ ਜੀਵਨ ਬਚਾਉਣ ਵਰਗੀਆਂ ਇੰਨਾਂ ਦਵਾਈਆਂ ਤੇ ਬੇਲੋੜਾ ਮੁਨਾਫਿਆਂ ਤੇ ਪਾਬੰਦੀ ਲੱਗਣੀ ਲਾਜ਼ਮੀ ਹੈ। ਸਵਾਲ ਇਹ ਹੈ ਕਿ ਸਰਕਾਰ ਦਾ ਉਕਤ ਫ਼ੈਸਲਾ ਕਿੰਨੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾਂਦਾ ਹੈ।

ਪੰਜਾਬ ਪ੍ਰਧਾਨ ਇੰਜ ਸੁਰਿੰਦਰ ਸਿੰਘ ਨੇ ਕਿਹਾ ਕਿ ਵਪਾਰਕ ਮੁਨਾਫੇ ਨੂੰ ਨਿਯਮਤ ਕਰਨ ਨਾਲ ਬਜ਼ਾਰ ਵਿੱਚ ਹਰ ਤਰ੍ਹਾਂ ਦੀਆਂ ਦਵਾਈਆਂ ਦੇ ਭਾਅ ਇੱਕੋ ਜਿਹੇ ਕੀਤੇ ਬਿਨਾਂ ਵੀ ਮਰੀਜ਼ਾਂ ਨੂੰ ਚੰਗਾ ਫ਼ਾਇਦਾ ਮਿਲ ਸਕਦਾ ਹੈ। ਉਨ੍ਹਾਂ ਕਿਹਾ ਕਿ ਕੈਂਸਰ ਦੀਆਂ ਦਵਾਈਆਂ ਦੀਆਂ ਕੀਮਤਾਂ ਨਿਯਮਤ ਕਰਨ ਨਾਲ ਵੀ ਮਰੀਜ਼ਾਂ ਨੂੰ ਲਾਭ ਮਿਲ ਸਕਦਾ ਹੈ ਜੋ ਪਹਿਲਾਂ ਮਹਿੰਗੀਆਂ ਦਵਾਈਆਂ ਖਰੀਦਣ ਲਈ ਮਜਬੂਰ ਸਨ, ਇਸ ਤੋਂ ਇਲਾਵਾ ਮਰੀਜ਼ਾਂ ਨੂੰ ਟੈਸਟਾਂ, ਸਰਜਰੀ, ਰੇਡੀਏਸ਼ਨ ਥੈਰੇਪੀ ਅਤੇ ਹਸਪਤਾਲਾਂ ਵਿੱਚ ਇਲਾਜ ਅਤੇ ਉਸ ਦੀ ਦੇਖਭਾਲ ਤੇ ਵੀ ਕਾਫ਼ੀ ਖਰਚ ਆਉਂਦਾ ਹੈ, ਇਸ ਸਭ ਤੇ ਵੀ ਕੰਟਰੋਲ ਹੋਣਾ ਚਾਹੀਦਾ ਹੈ। ਇਸ ਤੋਂ ਇਲਾਵਾ ਨਿੱਜੀ ਹਸਪਤਾਲਾਂ ਵਿੱਚ ਮਹਿੰਗੇ ਟੈਸਟ, ਦਵਾਈਆਂ ਅਤੇ ਹੋਰ ਜ਼ਰੂਰੀ ਵਸਤਾਂ ਜੋ ਮਹਿੰਗੇ ਭਾਅ ਵੇਚੀਆਂ ਜਾਂਦੀਆਂ ਹਨ ਦੀ ਵੀ ਜਾਂਚ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਪ੍ਰਾਈਵੇਟ ਹਸਪਤਾਲ ਬਹੁਤ ਮਹਿੰਗੇ ਹੋਣ ਕਾਰਨ ਗ਼ਰੀਬ ਮਰੀਜ਼ ਤਾਂ ਇੰਨ੍ਹਾਂ ਹਸਪਤਾਲਾਂ ਵਿੱਚ ਆਪਣਾ ਇਲਾਜ ਨਹੀਂ ਕਰਵਾ ਸਕਦੇ, ਸਰਕਾਰੀ ਹਸਪਤਾਲਾਂ ਦੀ ਹਾਲਤ ਤਰਸਯੋਗ ਬਣੀ ਹੋਈ ਹੋਣ ਕਾਰਨ ਗ਼ਰੀਬ ਮਰੀਜ਼ ਧੱਕੇ ਖਾਂਦੇ ਫਿਰਦੇ ਹਨ ਅਤੇ ਆਖ਼ਰਕਾਰ ਜ਼ਿੰਦਗੀ ਤੋਂ ਹੱਥ ਧੋ ਬੈਠਦੇ ਹਨ। ਸਰਕਾਰੀ ਹਸਪਤਾਲਾਂ ਵਿੱਚ ਡਾਕਟਰਾਂ ਦੀ ਵੀ ਬਹੁਤ ਘਾਟ ਹੈ। ਪੰਜਾਬ ਪ੍ਰਧਾਨ ਇੰਜ ਭਿੰਡਰ ਨੇ ਕਿਹਾ ਦਵਾਈਆਂ ਦੇ ਨਿਯਮਤ ਕੀਤੀਆਂ ਕੀਮਤਾਂ ਦੀਆਂ ਸੂਚੀਆਂ ਮੈਡੀਕਲ ਸਟੋਰਾਂ ਦੇ ਬਾਹਰ ਵੀ ਜਨਤਕ ਹੋਣੀਆਂ ਚਾਹੀਦੀਆਂ ਹਨ ਤਾਂ ਕਿ ਫਾਰਮੈਸੀ ਸਟੋਰਾਂ ਵਾਲੇ ਮਰੀਜ਼ਾਂ ਦੀ ਲੁੱਟ ਨਾ ਕਰ ਸਕਣ। ਉਨ੍ਹਾਂ ਕਿਹਾ ਕਿ ਸਮੇਂ ਸਮੇਂ ਤੇ ਦਵਾਈਆਂ ਵਿੱਚ ਆਈ ਅਸਲ ਕਮੀ ਦੀਆਂ ਕੀਮਤਾਂ ਵੀ ਨਿਰੰਤਰ ਜਨਤਕ ਹੋਣੀਆਂ ਚਾਹੀਦੀਆਂ ਹਨ, ਦਵਾਈਆਂ ਅਤੇ ਮਰੀਜ਼ਾਂ ਲਈ ਹੋਰ ਲੋੜੀਂਦੀਆਂ ਵਸਤਾਂ ਦੀ ਪਾਰਦਰਸ਼ਤਾ ਅਤੇ ਜਵਾਬਦੇਹੀ ਦੀ ਸਖ਼ਤ ਲੋੜ ਹੈ ਤਾਂ ਕਿ ਮਰੀਜ਼ ਆਪਣਾ ਇਲਾਜ ਬੇਹਤਰ ਢੰਗ ਨਾਲ ਕਰਵਾ ਸਕਣ।

ਆਵਾਜ਼ਿ ਕੌਮ AWAZE QAUM International Newspaper & WEB TV

# ਭਾਈ ਜਸਪਾਲ ਸਿੰਘ ਮੰਝਪੁਰ ਦੇ ਸਤਿਕਾਰਯੋਗ ਮਾਤਾ ਜਗਦੀਸ਼ ਕੌਰ ਜੀ ਦੇ ਅਕਾਲ ਚਲਾਣੇ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ: ਪੰਥਕ ਜੱਥੇਬੰਦੀਆਂ ਜਰਮਨੀ



ਨਵੀਂ ਦਿੱਲੀ 11 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਭਾਈ ਜਸਪਾਲ ਸਿੰਘ ਮੰਝਪੁਰ ਦੇ ਸਤਿਕਾਰਯੋਗ ਮਾਤਾ ਜੀ ਮਾਤਾ ਜਗਦੀਸ਼ ਕੌਰ ਜੀ ਦੇ ਅਕਾਲ ਚਲਾਣਾ ਕਰ ਜਾਣ 'ਤੇ ਸਿੱਖ ਫੈਡਰੇਸ਼ਨ ਜਰਮਨੀ ਸਮੇਤ ਵੱਖ-ਵੱਖ ਪੰਥਕ ਜਥੇਬੰਦੀਆਂ ਅਤੇ ਆਗੂਆਂ ਵੱਲੋਂ ਗਹਿਰੇ ਦੁੱਖ ਅਤੇ ਅਫ਼ਸੋਸ ਦਾ ਪ੍ਰਗਟਾਵਾ ਕੀਤਾ ਗਿਆ ਹੈ। ਪੰਥਕ ਆਗੂਆਂ ਨੇ ਕਿਹਾ ਕਿ ਭਾਈ ਜਸਪਾਲ ਸਿੰਘ ਮੰਝਪੁਰ ਲੰਮੇ ਸਮੇਂ ਤੋਂ ਸਿੱਖ ਕੌਮ ਦੇ ਹੱਕਾਂ ਅਤੇ ਇਨਸਾਫ਼ ਲਈ ਚੱਲ ਰਹੇ ਸੰਘਰਸ਼ ਵਿੱਚ ਆਪਣੀਆਂ ਸੇਵਾਵਾਂ ਨਿਭਾਉਂਦੇ ਆ ਰਹੇ ਹਨ। ਇਨ੍ਹਾਂ ਪੰਥਕ ਸੇਵਾਵਾਂ ਕਾਰਨ ਉਨ੍ਹਾਂ ਨੂੰ ਜੇਲ੍ਹ ਵਿੱਚ ਕਾਲ ਕੋਠੜੀਆਂ ਦਾ ਸਫ਼ਰ ਵੀ ਕਰਨਾ ਪਿਆ। ਇਸ ਦੌਰਾਨ ਭਾਈ ਮੰਝਪੁਰ ਅਤੇ ਉਨ੍ਹਾਂ ਦੇ ਪਰਿਵਾਰ ਨੂੰ ਅਨੇਕਾਂ ਮੁਸ਼ਕਲਾਂ ਅਤੇ ਔਕੜਾਂ ਦਾ ਸਾਹਮਣਾ ਕਰਨਾ ਪਿਆ, ਪਰ ਉਨ੍ਹਾਂ ਨੇ ਕਦੇ ਵੀ ਪੰਥਕ ਸੇਵਾਵਾਂ ਅਤੇ ਆਪਣੇ ਸੰਘਰਸ਼ ਤੋਂ ਮੂੰਹ ਨਹੀਂ ਮੋੜਿਆ। ਉਨ੍ਹਾ ਦਸਿਆ ਭਾਈ ਜਸਪਾਲ ਸਿੰਘ ਮੰਝਪੁਰ ਨੇ ਵਕਾਲਤ ਦੀ ਸਿੱਖਿਆ ਹਾਸਲ ਕਰਨ ਉਪਰੰਤ ਜਿੱਥੇ ਆਪਣੇ ਪਰਿਵਾਰ ਦੀਆਂ ਜ਼ਿੰਮੇਵਾਰੀਆਂ ਨਿਭਾਉਣ ਲਈ ਵਕੀਲ ਵਜੋਂ ਸੇਵਾਵਾਂ ਨਿਭਾਈਆਂ, ਉੱਥੇ ਹੀ ਸਰਕਾਰ ਵੱਲੋਂ ਵੱਖ-ਵੱਖ ਮਾਮਲਿਆਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਸਿੱਖ ਨੌਜਵਾਨਾਂ ਦੇ ਕੇਸਾਂ ਦੀ ਕਾਨੂੰਨੀ ਪੈਰਵੀ ਵੀ ਪੂਰੀ ਸਿਦਕ ਅਤੇ ਸਿਦਤ ਨਾਲ ਕਰਦੇ ਆ ਰਹੇ ਹਨ। ਭਾਈ ਜਗਤਾਰ ਸਿੰਘ ਹਵਾਰਾ ਅਤੇ ਉਨ੍ਹਾਂ ਦੇ ਸਾਥੀਆਂ ਸਮੇਤ ਭਾਈ ਜਗਤਾਰ ਸਿੰਘ ਜੱਗੀ ਜੌਹਲ ਅਤੇ ਹੋਰ ਅਨੇਕਾਂ ਨੌਜਵਾਨਾਂ ਦੇ ਮਾਮਲਿਆਂ ਵਿੱਚ ਉਨ੍ਹਾਂ ਵੱਲੋਂ ਕੀਤੀ ਜਾ ਰਹੀ ਕਾਨੂੰਨੀ ਚਾਰਾਜੋਈ ਇਸ ਦਾ ਪ੍ਰਮੁੱਖ ਉਦਾਹਰਨ ਹੈ। ਮਾਤਾ ਜਗਦੀਸ਼ ਕੌਰ ਜੀ ਦੇ ਅਕਾਲ ਚਲਾਣੇ 'ਤੇ ਸਿੱਖ ਫੈਡਰੇਸ਼ਨ ਜਰਮਨੀ ਵੱਲੋਂ ਭਾਈ ਗੁਰਮੀਤ ਸਿੰਘ ਖਨਿਆਣ, ਭਾਈ ਗੁਰਦਿਆਲ ਸਿੰਘ ਲਾਲੀ, ਭਾਈ ਸੁਖਦੇਵ ਸਿੰਘ ਹੇਰਾਂ ਅਤੇ ਭਾਈ ਅਮਰਜੀਤ ਸਿੰਘ ਮੰਗੂਪੁਰ, ਬੱਬਰ ਖਾਲਸਾ ਜਰਮਨੀ ਵੱਲੋਂ ਜਥੇਦਾਰ ਰੇਸ਼ਮ ਸਿੰਘ ਬੱਬਰ, ਭਾਈ ਰਜਿੰਦਰ ਸਿੰਘ ਬੱਬਰ ਅਤੇ ਭਾਈ ਅਵਤਾਰ ਸਿੰਘ ਬੱਬਰ, ਦਲ ਖਾਲਸਾ ਇੰਟਰਨੈਸ਼ਨਲ ਜਰਮਨੀ ਵੱਲੋਂ ਭਾਈ ਹਰਮੀਤ ਸਿੰਘ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਜਰਮਨੀ ਵੱਲੋਂ ਭਾਈ ਹੀਰਾ ਸਿੰਘ ਮੱਤੇਵਾਲ ਅਤੇ ਸਿੱਖ ਫੈਡਰੇਸ਼ਨ ਇੰਟਰਨੈਸ਼ਨਲ ਜਰਮਨੀ ਵੱਲੋਂ ਭਾਈ ਲਖਵਿੰਦਰ ਸਿੰਘ ਮੱਲ੍ਹੀ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ। ਅੰਤ ਵਿਚ ਪੰਥਕ ਆਗੂਆਂ ਨੇ ਕਿਹਾ ਕਿ ਮਾਤਾ ਜਗਦੀਸ਼ ਕੌਰ ਜੀ ਦਾ ਵਿਛੋੜਾ ਪਰਿਵਾਰ ਲਈ ਬਹੁਤ ਵੱਡਾ ਦੁੱਖ ਹੈ। ਉਨ੍ਹਾਂ ਨੇ ਅਰਦਾਸ ਕੀਤੀ ਕਿ ਅਕਾਲ ਪੁਰਖ ਵਾਹਿਗੁਰੂ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਪਰਿਵਾਰਕ ਮੈਂਬਰਾਂ ਤੇ ਸਨੇਹੀਆਂ ਨੂੰ ਇਹ ਭਾਣਾ ਮੰਨਣ ਦਾ ਬਲ ਬਖ਼ਸ਼ਣ।

ਆਵਾਜ਼ਿ ਕੌਮ AWAZE QAUM International Newspaper & WEB TV

# ਵਿਧਾਇਕ ਜਿੰਪਾ ਨੇ ਵਾਰਡ ਨੰਬਰ 7 'ਚ 14 ਲੱਖ ਰੁਪਏ ਦੀ ਲਾਗਤ ਨਾਲ ਬਣੀਆਂ 6 ਗਲੀਆਂ ਦਾ ਕੀਤਾ ਉਦਘਾਟਨ

**ਹੁਸ਼ਿਆਰਪੁਰ, 11 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਹੁਸ਼ਿਆਰਪੁਰ ਦੇ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਵਾਰਡ ਨੰਬਰ 7 ਵਿੱਚ ਲਗਭਗ 14 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੀਆਂ ਗਈਆਂ 6 ਗਲੀਆਂ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਸ਼ਹਿਰ ਦੇ ਸਾਰੇ ਵਾਰਡਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਬਿਹਤਰ ਬਣਾਉਣਾ ਉਨ੍ਹਾਂ ਦੀ ਤਰਜੀਹ ਹੈ। ਗਲੀਆਂ ਦੇ ਨਿਰਮਾਣ ਨਾਲ ਇਲਾਕਾ ਨਿਵਾਸੀਆਂ ਨੂੰ ਆਉਣ-ਜਾਣ ਵਿੱਚ ਸਹੂਲਤ ਮਿਲੇਗੀ ਅਤੇ ਇਲਾਕੇ ਦੇ ਵਿਕਾਸ ਨੂੰ ਹੁਲਾਰਾ ਮਿਲੇਗਾ। ਵਿਧਾਇਕ ਜਿੰਪਾ ਨੇ ਕਿਹਾ ਕਿ ਲੋਕਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ, ਤਾਂ ਜੋ ਸ਼ਹਿਰ ਵਾਸੀਆਂ ਨੂੰ ਬਿਹਤਰ ਸੜਕਾਂ ਅਤੇ ਹੋਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਸਕਣ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਗੁਣਵੱਤਾ ਦਾ ਧਿਆਨ ਰੱਖਣਾ ਅਤੇ ਲੋਕਾਂ ਨੂੰ ਸਹੂਲਤਾਂ ਪ੍ਰਦਾਨ ਕਰਨਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਵਿਕਾਸ ਕਾਰਜ ਲਗਾਤਾਰ ਜਾਰੀ ਹਨ ਅਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ। ਇਸ ਮੌਕੇ ਮੇਅਰ ਪਰਵੀਨ ਸੈਣੀ, ਸੀਨੀਅਰ ਡਿਪਟੀ ਮੇਅਰ ਸੁਰਿੰਦਰ ਕੁਮਾਰ, ਵਾਰਡ ਨੰਬਰ 7 ਦੀ ਕੌਂਸਲਰ ਨਰਿੰਦਰ ਕੌਰ, ਭਜਨ ਸਿੰਘ, ਮਨਜੀਤ ਸਿੰਘ, ਕੌਂਸਲਰ ਮੁਖੀ ਰਾਮ, ਕੌਂਸਲਰ ਪ੍ਰਦੀਪ ਬਿੱਟੂ, ਰਾਜਨ ਪ੍ਰਦੀਪ ਤੋਂ ਇਲਾਵਾ ਹੋਰ ਪਤਵੰਤੇ ਵੀ ਮੌਜੂਦ ਸਨ।

ਗੁਰਦੁਆਰਾ ਬੰਗਲਾ ਸਾਹਿਬ ਦਿੱਲੀ ਵਿਖੇ 10 ਅਕਤੂਬਰ ਅਤੇ ਗੁਰਦੁਆਰਾ ਸੀਸ ਗੰਜ ਸਾਹਿਬ ਦਿੱਲੀ ਵਿਖੇ

# ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਲੜੀਵਾਰ ਗੁਰਬਾਣੀ ਕਥਾ ਵਿਚਾਰ ਦੀ ਹਾਜ਼ਰੀ ਭਰੀ ਗਈ








ਆਵਾਜ਼ਿ ਕੌਮ
AWAZE QAUM
International Newspaper & WEB TV



ਗੁਰਦੁਆਰਾ ਬੰਗਲਾ ਸਾਹਿਬ ਦਿੱਲੀ ਵਿਖੇ 10 ਅਕਤੂਬਰ ਅਤੇ ਗੁਰਦੁਆਰਾ ਸੀਸ ਗੰਜ ਸਾਹਿਬ ਦਿੱਲੀ ਵਿਖੇ 11 ਅਕਤੂਬਰ 2026 ਨੂੰ ਲੜੀਵਾਰ ਗੁਰਬਾਣੀ ਕਥਾ ਵਿਚਾਰ ਦੀ ਹਾਜ਼ਰੀ ਭਰਦੇ ਹੋਏ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਇਸ ਮੌਕੇ ਹਾਜ਼ਰ ਸਿੱਖ ਸੰਗਤਾਂ।



ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਵਿਸ਼ਵ ਪੰਜਾਬੀ ਕਾਨਫਰੰਸ ਦੌਰਾਨ ਕੈਨੇਡਾ ਵਿਖੇ

# ਸ਼ੈਲਿੰਦਰਜੀਤ ਸਿੰਘ ਰਾਜਨ ਦੀ ਕਾਵਿ ਪੁਸਤਕ "ਸਾਰੀ ਧਰਤੀ ਮੇਰੀ" ਲੋਕ ਅਰਪਿਤ




**ਚੌਕ ਮਹਿਤਾ, 11 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਬੀਤੇ ਦਿਨੀਂ ਵਿਸ਼ਵ ਪੰਜਾਭਬੀ ਭਵਨ ਬਰੰਪਟਨ ਵਿਖੇ ਆਯੋਜਿਤ ਵਿਸ਼ਵ ਪੰਜਾਬੀ ਕਾਨਫਰੰਸ ਦੌਰਾਨ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਮੁੱਖ ਸੰਚਾਲਕ, ਉੱਘੇ ਲੇਖਕ ਅਤੇ ਪੱਤਰਕਾਰ ਸ਼ੈਲਿੰਦਰਜੀਤ ਸਿੰਘ ਰਾਜਨ ਦੀ ਕਾਵਿ ਪੁਸਤਕ "ਸਾਰੀ ਧਰਤੀ ਮੇਰੀ" ਲੋਕ ਅਰਪਿਤ ਕੀਤੀ ਗਈ । ਇਤਿਹਾਸਕ ਗੁ: ਨੌਵੀਂ ਪਾਤਸ਼ਾਹੀ ਬਾਬਾ ਬਕਾਲਾ ਸਾਹਿਬ ਦੇ ਮੈਨੇਜਰ ਸ. ਗੁਰਪ੍ਰੀਤ ਸਿੰਘ ਮੱਲੇਵਾਲ, ਸ੍ਰੀ ਰਾਜਨ ਦੇ ਬੇਟੇ ਸ: ਅਮਨਪ੍ਰੀਤ ਸਿੰਘ ਅਤੇ ਕਾਨਫਰੰਸ ਦੇ ਮੁੱਖ ਪ੍ਰਬੰਧਕ ਪ੍ਰਧਾਨ ਡਾ: ਦਲਬੀਰ ਸਿੰਘ ਕਥੂਰੀਆ ਦੇ ਉੱਦਮ ਸਦਕਾ, ਭਰਵੀਂ ਹਾਜ਼ਰੀ ਵਿੱਚ ਮੰਚ ਤੋਂ "ਸਾਰੀ ਧਰਤੀ ਮੇਰੀ" ਨੂੰ ਲੋਕ ਅਰਪਿਤ ਕੀਤਾ ਗਿਆ । ਇਸ ਮੌਕੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ, ਐਮ.ਪੀ ਰੂਬੀ ਢਾਲਾ, ਬਾਬਾ ਨਜਮੀ (ਪਾਕਿਸਤਾਨ), ਪ੍ਰਸਿਧ ਕਹਾਣੀਕਾਰ ਵਰਿਆਮ ਸਿੰਘ ਸੰਧੂ, ਡਾ. ਮੋਹਣ ਤਿਆਗੀ, ਸ਼ਾਇਰ ਮਲਵਿੰਦਰ, ਹਰਕੰਵਲਜੀਤ ਸਾਹਿਲ ਸੰਪਾਦਕ 7-ਰੀਵਰ, ਦਲਬੀਰ ਸਿੰਘ ਰਿਆੜ, ਹਰਪਾਲ ਸਿੰਘ ਨਾਗਰਾ, ਬਲਵਿੰਦਰ ਬਾਲਮ, ਗਿਆਨ ਸਿੰਘ ਘੇਈ ਸਮੇਤ ਬਹੁਤ ਸਾਰੀਆਂ ਅਦਬੀ ਸਖਸ਼ੀਅਤਾਂ ਹਾਜ਼ਰ ਸਨ।

### ਧੀਆਂ ਸਮਾਜ ਦਾ ਮਾਣ ਅਤੇ ਤਾਕਤ ਦਾ ਪ੍ਰਤੀਕ ਹਨ, ਉਨ੍ਹਾਂ ਨੂੰ

# ਹਰ ਖੇਤਰ ਵਿੱਚ ਬਰਾਬਰ ਮੌਕੇ ਮਿਲਣੇ ਚਾਹੀਦੇ ਹਨ : ਡਾ. ਮੰਗਲ ਸਿੰਘ ਕਿਸ਼ਨਪੁਰੀ







**ਜੰਡਿਆਲਾ ਗੁਰੂ, 11 ਅਕਤੂਬਰ ( ਕੁਲਵੰਤ ਸਿੰਘ ਵਿਰਦੀ )**-ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ, ਜੰਡਿਆਲਾ ਗੁਰੂ ਵਿਖੇ ਅੰਤਰਰਾਸ਼ਟਰੀ ਬੇਟੀ ਦਿਵਸ ਬੜੇ ਉਤਸ਼ਾਹ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਵਿੱਚ ਵਿਸ਼ੇਸ਼ ਅਸੈਂਬਲੀ ਕਰਵਾਈ ਗਈ, ਜਿਸ ਦਾ ਮੁੱਖ ਉਦੇਸ਼ ਸਮਾਜ ਵਿੱਚ ਧੀਆਂ ਦੇ ਅਧਿਕਾਰਾਂ, ਸਿੱਖਿਆ, ਸੁਰੱਖਿਆ, ਸਨਮਾਨ ਅਤੇ ਲਿੰਗ ਸਮਾਨਤਾ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸੀ।ਸਮਾਗਮ ਦੌਰਾਨ ਵਿਦਿਆਰਥੀਆਂ ਵੱਲੋਂ 'ਬੇਟੀ ਬਚਾਓ, ਬੇਟੀ ਪੜ੍ਹਾਓ' ਵਿਸ਼ੇ ਤਹਿਤ ਸੁੰਦਰ ਪੋਸਟਰ ਤਿਆਰ ਕੀਤੇ ਗਏ ਅਤੇ ਪ੍ਰਭਾਵਸ਼ਾਲੀ ਨਾਅਰਿਆਂ ਰਾਹੀਂ ਧੀਆਂ ਨੂੰ ਸਮਾਜ ਵਿੱਚ ਬਰਾਬਰ ਦਾ ਦਰਜਾ ਦੇਣ ਦਾ ਸੁਨੇਹਾ ਦਿੱਤਾ ਗਿਆ। ਸਕੂਲ ਦੇ ਅਧਿਆਪਕਾਂ ਵੱਲੋਂ ਧੀਆਂ ਨੂੰ ਸਮਰਪਿਤ ਭਾਵਨਾਤਮਕ ਕਵਿਤਾਵਾਂ ਅਤੇ ਪ੍ਰੇਰਨਾਦਾਇਕ ਭਾਸ਼ਣ ਪੇਸ਼ ਕੀਤੇ ਗਏ, ਜਿਨ੍ਹਾਂ ਨੇ ਹਾਜ਼ਰੀਨ ਨੂੰ ਭਾਵੁਕ ਕਰਨ ਦੇ ਨਾਲ-ਨਾਲ ਧੀਆਂ ਦੀ ਮਹੱਤਤਾ ਬਾਰੇ ਸੋਚਣ ਲਈ ਪ੍ਰੇਰਿਤ ਕੀਤਾ। ਇਸ ਸਮਾਗਮ ਦੀ ਵਿਸ਼ੇਸ਼ ਖਿੱਚ ਉਨ੍ਹਾਂ ਮਾਪਿਆਂ ਲਈ ਕਰਵਾਇਆ ਗਿਆ ਸਨਮਾਨ ਸਮਾਰੋਹ ਰਿਹਾ, ਜਿਨ੍ਹਾਂ ਦੀ ਇਕਲੌਤੀ ਸੰਤਾਨ ਧੀ ਹੈ। ਸਕੂਲ ਪ੍ਰਬੰਧਕਾਂ ਵੱਲੋਂ ਅਜਿਹੇ ਮਾਪਿਆਂ ਨੂੰ ਗੁਲਾਬ ਦਾ ਫੁੱਲ ਅਤੇ ਵਧਾਈ ਕਾਰਡ ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਉਪਰਾਲੇ ਰਾਹੀਂ ਸਮਾਜ ਨੂੰ ਸੁਨੇਹਾ ਦਿੱਤਾ ਗਿਆ ਕਿ ਧੀ ਕਿਸੇ ਵੀ ਪਰਿਵਾਰ ਲਈ ਬੋਝ ਨਹੀਂ, ਸਗੋਂ ਅਨਮੋਲ ਤੋਹਫ਼ਾ ਅਤੇ ਮਾਣ ਦਾ ਪ੍ਰਤੀਕ ਹੈ।ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ ਮੰਗਲ ਸਿੰਘ ਕਿਸ਼ਨਪੁਰੀ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਅੱਜ ਦੀਆਂ ਧੀਆਂ ਹਰ ਖੇਤਰ ਵਿੱਚ ਆਪਣੀ ਕਾਬਲੀਅਤ ਦਾ ਲੋਹਾ ਮਨਵਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਧੀਆਂ ਨੂੰ ਸਿੱਖਿਆ, ਸੁਰੱਖਿਆ ਅਤੇ ਅੱਗੇ ਵਧਣ ਦੇ ਬਰਾਬਰ ਮੌਕੇ ਪ੍ਰਦਾਨ ਕਰਨਾ ਸਮਾਜ ਦੇ ਹਰ ਵਰਗ ਦੀ ਜ਼ਿੰਮੇਵਾਰੀ ਹੈ। ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਸ਼੍ਰੀਮਤੀ ਡਾ. ਅਮਰਪ੍ਰੀਤ ਕੌਰ ਨੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਪੁੱਤਰਾਂ ਅਤੇ ਧੀਆਂ ਵਿੱਚ ਕਿਸੇ ਕਿਸਮ ਦਾ ਭੇਦਭਾਵ ਨਾ ਕਰਨ ਅਤੇ ਧੀਆਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਉਨ੍ਹਾਂ ਦਾ ਪੂਰਾ ਸਾਥ ਦੇਣ ਉਨ੍ਹਾਂ ਅੱਗੇ ਕਿਹਾ ਕਿ ਜਿਸ ਸਮਾਜ ਵਿੱਚ ਧੀਆਂ ਦਾ ਸਤਿਕਾਰ ਹੁੰਦਾ ਹੈ, ਉਹ ਸਮਾਜ ਹੀ ਅਸਲ ਅਰਥਾਂ ਵਿੱਚ ਤਰੱਕੀ ਕਰਦਾ ਹੈ।ਧੀਆਂ ਪਰਿਵਾਰ ਦੀ ਰੌਣਕ ਹੀ ਨਹੀਂ, ਸਗੋਂ ਦੇਸ਼ ਦੇ ਸੁਨਹਿਰੇ ਭਵਿੱਖ ਦੀ ਸਿਰਜਣਹਾਰ ਵੀ ਹਨ।ਸਮਾਗਮ ਦੀ ਸਮਾਪਤੀ ਮੌਕੇ ਸਮੂਹ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ 'ਧੀ ਬਚਾਓ, ਧੀ ਪੜ੍ਹਾਓ ਅਤੇ ਧੀ ਨੂੰ ਸਸ਼ਕਤ ਬਣਾਓ' ਦਾ ਸੰਦੇਸ਼ ਦਿੰਦਿਆਂ ਧੀਆਂ ਦੇ ਸਨਮਾਨ ਅਤੇ ਬਰਾਬਰੀ ਲਈ ਸਮਾਜ ਵਿੱਚ ਜਾਗਰੂਕਤਾ ਫੈਲਾਉਣ ਦਾ ਅਹਿਦ ਲਿਆ। ਇਸ ਮੌਕੇ ਸ੍ਰੀ ਸਾਹਿਲ ਸ਼ਰਮਾ(ਵਿਸ਼ੇਸ਼ ਮਹਿਮਾਨ),ਸਕੂਲ ਦੇ ਪ੍ਰਿੰਸੀਪਲ ਸੰਦੀਪ ਸ਼ਰਮਾ, ਵਾਈਸ ਪ੍ਰਿੰਸੀਪਲ ਸ਼ਿਲਪਾ ਸ਼ਰਮਾ,ਕੋਆਰਡੀਨੇਟਰ ਨਿਲਾਕਸ਼ੀ ਗੁਪਤਾ, ਕੋਆਰਡੀਨੇਟਰ ਮਮਤਾ ਅਰੋੜਾ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

# ਗੁਰਦੁਆਰਾ ਬੰਗਲਾ ਸਾਹਿਬ ਕੰਪਲੈਕਸ ਵਿੱਚ ਨਾਅਰੇਬਾਜ਼ੀ ਲਈ ਕੇਜਰੀਵਾਲ ਤੇ ਸਾਥੀਆਂ ਖ਼ਿਲਾਫ਼ ਦਿੱਲੀ ਕਮੇਟੀ ਵੱਲੋਂ ਪੁਲਿਸ ਨੂੰ ਸ਼ਿਕਾਇਤ



**ਨਵੀਂ ਦਿੱਲੀ, 11 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੋਸ਼ ਲਾਇਆ ਹੈ ਕਿ ਬੀਤੇ ਕੱਲ੍ਹ ਕੌਮੀ ਰਾਜਧਾਨੀ ਵਿੱਚ ਹੋਏ ਰੋਸ ਪ੍ਰਦਰਸ਼ਨ ਦੌਰਾਨ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਉਨ੍ਹਾਂ ਦੇ ਸਾਥੀਆਂ ਨੇ ਸਿਆਸੀ ਕਾਰਕੁੰਨ ਭੇਜ ਕੇ ਜਾਣ-ਬੁੱਝ ਕੇ ਗੁਰਦੁਆਰਾ ਬੰਗਲਾ ਸਾਹਿਬ ਕੰਪਲੈਕਸ ਵਿੱਚ ਨਾਅਰੇਬਾਜ਼ੀ ਕਰਵਾਈ। ਇਸ ਮਾਮਲੇ ਵਿੱਚ ਦਿੱਲੀ ਕਮੇਟੀ ਵੱਲੋਂ ਡੀਸੀਪੀ ਦਫ਼ਤਰ, ਪਾਰਲੀਮੈਂਟ ਸਟ੍ਰੀਟ ਵਿਖੇ ਪੁਲਿਸ ਨੂੰ ਸ਼ਿਕਾਇਤ ਦੇ ਕੇ ਸਖ਼ਤ ਕਾਰਵਾਈ ਦੀ ਮੰਗ ਕੀਤੀ ਗਈ ਹੈ। ਕਾਲਕਾ ਤੇ ਕਾਹਲੋਂ ਨੇ ਕਿਹਾ ਕਿ ਕੁਝ ਵਿਅਕਤੀ ਆਪਣੇ ਝੋਲਿਆਂ ਵਿੱਚ ਬੈਨਰ ਅਤੇ ਨਾਅਰਿਆਂ ਵਾਲੀਆਂ ਤਖ਼ਤੀਆਂ ਲੈ ਕੇ ਗੁਰਦੁਆਰਾ ਕੰਪਲੈਕਸ ਵਿੱਚ ਦਾਖਲ ਹੋਏ ਅਤੇ ਮੌਕੇ 'ਤੇ ਇਹ ਸਮਾਨ ਕੱਢ ਕੇ ਸਿਆਸੀ ਨਾਅਰੇਬਾਜ਼ੀ ਕੀਤੀ। ਉਨ੍ਹਾਂ ਦੋਸ਼ ਲਾਇਆ ਕਿ ਇਹ ਸਭ ਇਕ ਗਿਣੀ-ਮਿਥੀ ਯੋਜਨਾ ਤਹਿਤ ਕੀਤਾ ਗਿਆ ਅਤੇ ਬਾਅਦ ਵਿੱਚ ਸੋਸ਼ਲ ਮੀਡੀਆ 'ਤੇ ਗੁੰਮਰਾਹਕੁੰਨ ਵੀਡੀਓ ਜਾਰੀ ਕਰਕੇ ਗੁਰੂ ਘਰ ਦੀ ਬਦਨਾਮੀ ਕਰਨ ਦੀ ਕੋਸ਼ਿਸ਼ ਕੀਤੀ ਗਈ। ਕਾਲਕਾ ਤੇ ਕਾਹਲੋਂ ਨੇ ਸਪੱਸ਼ਟ ਕੀਤਾ ਕਿ ਗੁਰੂ ਘਰ ਦੀ ਮਰਿਆਦਾ ਅਤੇ ਸਰਵਉਚਤਾ ਸਭ ਤੋਂ ਉਪਰ ਹੈ ਅਤੇ ਇਸ ਵਿੱਚ ਕਿਸੇ ਵੀ ਤਰ੍ਹਾਂ ਦਾ ਵਿਘਨ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸੰਗਤ ਗੁਰੂ ਘਰ ਵਿੱਚ ਮੱਥਾ ਟੇਕਣ, ਲੰਗਰ ਛਕਣ ਅਤੇ ਸ਼ਰਧਾ ਭੇਂਟ ਕਰਨ ਲਈ ਆ ਸਕਦੀ ਹੈ ਪਰ ਸਿਆਸੀ ਨਾਅਰੇਬਾਜ਼ੀ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ। ਪੁਲਿਸ ਦੀ ਕਾਰਵਾਈ ਬਾਰੇ ਉਨ੍ਹਾਂ ਕਿਹਾ ਕਿ ਮੁਲਾਜ਼ਮ ਅਸ਼ੋਕਾ ਰੋਡ ਵਾਲੇ ਪਾਸਿਓਂ ਗੁਰਦੁਆਰਾ ਕੰਪਲੈਕਸ ਵਿੱਚ ਦਾਖਲ ਹੋਏ ਅਤੇ ਸਿਰਫ਼ ਪ੍ਰਦਰਸ਼ਨਕਾਰੀਆਂ ਖ਼ਿਲਾਫ਼ ਕਾਰਵਾਈ ਕਰਕੇ ਦੂਜੇ ਗੇਟ ਰਾਹੀਂ ਪੁਲਿਸ ਹੈੱਡਕੁਆਰਟਰ ਵੱਲ ਨਿਕਲ ਗਏ; ਕੋਈ ਪੁਲਿਸ ਮੁਲਾਜ਼ਮ ਦਰਬਾਰ ਹਾਲ ਦੀਆਂ ਪੌੜੀਆਂ ਵੱਲ ਨਹੀਂ ਗਿਆ ਅਤੇ ਨਾ ਹੀ ਦਰਬਾਰ ਹਾਲ ਜਾਂ ਲੰਗਰ ਹਾਲ ਵਿੱਚ ਦਾਖਲ ਹੋਇਆ। ਉਨ੍ਹਾਂ ਕਿਹਾ ਕਿ ਗੁਰਦੁਆਰਾ ਪ੍ਰਬੰਧਕਾਂ ਅਤੇ ਮੁਲਾਜ਼ਮਾਂ ਨੇ ਪ੍ਰਦਰਸ਼ਨਕਾਰੀਆਂ ਤੇ ਪੁਲਿਸ ਨੂੰ ਮਰਿਆਦਾ ਬਾਰੇ ਸਮਝਾਇਆ ਸੀ। ਦੋਵਾਂ ਆਗੂਆਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ, ਵਿੱਤ ਮੰਤਰੀ ਹਰਪਾਲ ਚੀਮਾ ਅਤੇ 'ਆਪ' ਪੰਜਾਬ ਪ੍ਰਧਾਨ ਅਮਨ ਅਰੋੜਾ ਸਮੇਤ ਪਾਰਟੀ ਆਗੂਆਂ ਵੱਲੋਂ ਇਸ ਮਾਮਲੇ 'ਤੇ ਗੁਰੂ ਘਰ ਦੀ ਬਦਨਾਮੀ ਕਰਨ ਦੇ ਯਤਨਾਂ ਦੀ ਨਿਖੇਧੀ ਕੀਤੀ ਅਤੇ ਕਿਹਾ ਕਿ ਕੁਝ ਸਾਬਕਾ ਪ੍ਰਬੰਧਕ ਵੀ ਇਸ ਮੁੱਦੇ 'ਤੇ ਸਿਆਸੀ ਲਾਹਾ ਲੈਣ ਦੀ ਕੋਸ਼ਿਸ਼ ਕਰ ਰਹੇ ਹਨ।

## ਗੁਰਦੁਆਰਾ ਬੰਗਲਾ ਸਾਹਿਬ 'ਚ ਪੁਲਿਸ ਦਾਖ਼ਲੇ 'ਤੇ ਸਰਨਾ ਦਾ ਸਖ਼ਤ ਵਿਰੋਧ—ਦਿੱਲੀ ਕਮੇਟੀ ਪ੍ਰਬੰਧਕਾਂ ਨੂੰ ਵੀ ਘੇਰਿਆ



ਨਵੀਂ ਦਿੱਲੀ, 11 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਅਕਾਲੀ ਆਗੂ ਪਰਮਜੀਤ ਸਿੰਘ ਸਰਨਾ ਨੇ ਸ੍ਰੀ ਬੰਗਲਾ ਸਾਹਿਬ ਵਿਖੇ ਵਾਪਰੀ ਘਟਨਾ ਨੂੰ ਲੈ ਕੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਸਾਰੇ ਸੂਬਿਆਂ ਦੇ ਪੁਲਿਸ ਮੁਖੀਆਂ ਨੂੰ ਸਖ਼ਤ ਹਦਾਇਤਾਂ ਜਾਰੀ ਕਰਨ ਦੀ ਅਪੀਲ ਕੀਤੀ ਹੈ ਕਿ ਕਿਸੇ ਵੀ ਪ੍ਰਦਰਸ਼ਨਕਾਰੀ ਦਾ ਪਿੱਛਾ ਕਰਦਿਆਂ ਪੁਲਿਸ ਜਾਂ ਸੁਰੱਖਿਆ ਬਲ ਗੁਰਦੁਆਰਾ ਸਾਹਿਬ ਦੀ ਹੱਦ ਅੰਦਰ ਦਾਖ਼ਲ ਨਾ ਹੋਣ। ਸਰਨਾ ਨੇ ਕਿਹਾ ਕਿ ਗੁਰਦੁਆਰਾ ਸਾਹਿਬ ਸਿੱਖ ਪਰੰਪਰਾ ਅਨੁਸਾਰ ਹਰ ਮੁਸੀਬਤਜ਼ਦਾ ਲਈ ਪਨਾਹ, ਲੰਗਰ ਅਤੇ ਸੇਵਾ ਦਾ ਕੇਂਦਰ ਹੈ, ਇਸ ਲਈ ਇਸ ਦੀ ਪਵਿੱਤਰਤਾ ਨੂੰ ਪੁਲਿਸੀ ਕਾਰਵਾਈਆਂ ਦਾ ਹਿੱਸਾ ਬਣਾਉਣਾ ਬੇਹੱਦ ਗੰਭੀਰ ਮਾਮਲਾ ਹੈ। ਸਰਨਾ ਨੇ ਕਿਹਾ ਕਿ ਕਾਨੂੰਨ-ਵਿਵਸਥਾ ਕਾਇਮ ਰੱਖਣ ਦੇ ਨਾਂ 'ਤੇ ਧਾਰਮਿਕ ਅਸਥਾਨਾਂ ਦੀ ਮਰਯਾਦਾ ਨੂੰ ਛਿੱਕੇ 'ਤੇ ਨਹੀਂ ਟੰਗਿਆ ਜਾ ਸਕਦਾ। ਉਨ੍ਹਾਂ ਕਿਹਾ ਕਿ ਜੇ ਕਿਸੇ ਵਿਅਕਤੀ ਖ਼ਿਲਾਫ਼ ਕੋਈ ਦੋਸ਼ ਹੈ ਤਾਂ ਉਸ ਨਾਲ ਕਾਨੂੰਨ ਅਨੁਸਾਰ ਨਜਿੱਠਿਆ ਜਾਵੇ, ਪਰ ਗੁਰਦੁਆਰੇ ਨੂੰ ਪੁਲਿਸੀ ਪਿੱਛਾ ਕਰਨ ਜਾਂ ਧੱਕੇਸ਼ਾਹੀ ਦਾ ਮੈਦਾਨ ਨਾ ਬਣਾਇਆ ਜਾਵੇ। ਉਨ੍ਹਾਂ ਅਮਿਤ ਸ਼ਾਹ ਅਤੇ ਸੂਬਾਈ ਪੁਲਿਸ ਮੁਖੀਆਂ ਤੋਂ ਮੰਗ ਕੀਤੀ ਕਿ ਧਾਰਮਿਕ ਸਥਾਨਾਂ ਨਾਲ ਸਬੰਧਤ ਅਜਿਹੀਆਂ ਸਥਿਤੀਆਂ ਲਈ ਸਪੱਸ਼ਟ ਪ੍ਰੋਟੋਕੋਲ ਬਣਾਏ ਜਾਣ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਨਾਲ ਤਾਲਮੇਲ ਤੋਂ ਬਿਨਾਂ ਕਿਸੇ ਵੀ ਤਰ੍ਹਾਂ ਦੀ ਜ਼ਬਰਦਸਤੀ ਕਾਰਵਾਈ ਨਾ ਕੀਤੀ ਜਾਵੇ। ਇਸ ਦੇ ਨਾਲ ਹੀ ਸਰਨਾ ਨੇ ਦਿੱਲੀ ਗੁਰਦੁਆਰਾ ਕਮੇਟੀ ਦੇ ਪ੍ਰਬੰਧਕਾਂ ਦੀ ਭੂਮਿਕਾ 'ਤੇ ਵੀ ਸਵਾਲ ਖੜ੍ਹੇ ਕਰਦਿਆਂ ਕਿਹਾ ਕਿ ਗੁਰਦੁਆਰਾ ਸਾਹਿਬ ਦੀ ਮਰਯਾਦਾ ਅਤੇ ਸੰਗਤ ਦੇ ਹੱਕਾਂ ਦੀ ਰਾਖੀ ਕਰਨਾ ਪ੍ਰਬੰਧਕਾਂ ਦੀ ਪਹਿਲੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਜੇ ਪਵਿੱਤਰ ਅਸਥਾਨਾਂ ਅੰਦਰ ਪੁਲਿਸੀ ਦਖ਼ਲਅੰਦਾਜ਼ੀ ਜਾਂ ਦਬਾਅ ਨੂੰ ਰੋਕਣ ਲਈ ਪ੍ਰਬੰਧਕ ਹੀ ਮਜ਼ਬੂਤੀ ਨਾਲ ਨਾ ਖੜ੍ਹਨ ਤਾਂ ਸੰਗਤ ਦੇ ਮਨਾਂ ਵਿੱਚ ਸਵਾਲ ਉੱਠਣੇ ਸੁਭਾਵਿਕ ਹਨ। ਸਰਨਾ ਨੇ ਚੇਤਾਵਨੀ ਦਿੱਤੀ ਕਿ ਗੁਰਦੁਆਰੇ ਕਿਸੇ ਸਰਕਾਰ, ਪੁਲਿਸ ਜਾਂ ਸਿਆਸੀ ਧੜੇ ਦੇ ਦਬਾਅ ਹੇਠ ਨਹੀਂ ਆ ਸਕਦੇ ਅਤੇ ਨਾ ਹੀ ਉਨ੍ਹਾਂ ਨੂੰ ਪ੍ਰਦਰਸ਼ਨਕਾਰੀਆਂ ਲਈ 'ਹੰਟਿੰਗ ਗਰਾਊਂਡ' ਬਣਨ ਦਿੱਤਾ ਜਾ ਸਕਦਾ ਹੈ।


ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਹੁਸ਼ਿਆਰਪੁਰ ਦੇ ਰੋਸ਼ਨ ਗਰਾਊਂਡ 'ਚ

# 36ਵਾਂ ਮਹਾਨ ਅਲੌਕਿਕ ਕੀਰਤਨ ਦਰਬਾਰ ਸੰਪੰਨ - ਸੰਗਤਾਂ ਦਾ ਹੜ੍ਹ ਉਮੜਿਆ





**ਹੁਸ਼ਿਆਰਪੁਰ, 11 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸਿੱਖ ਪੰਥ ਹੁਸ਼ਿਆਰਪੁਰ ਅਤੇ ਪੰਥ ਪ੍ਰਸਿੱਧ ਕੀਰਤਨੀਏ ਸੰਤ ਅਨੂਪ ਸਿੰਘ ਜੀ ਊਨਾ ਸਾਹਿਬ ਵਾਲਿਆਂ ਦੇ

**ਸਟੇਜ ਦੀ ਸੇਵਾ ਉੱਘੇ ਸਿੱਖ ਵਿਦਵਾਨ ਭਾਈ ਭਗਵਾਨ ਸਿੰਘ ਜੌਹਲ ਜੀ ਨੇ ਨਿਭਾਈ। ਸੁਸਾਇਟੀ ਵੱਲੋਂ ਉਨ੍ਹਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ**

ਸਹਿਯੋਗ ਨਾਲ ਸੁਸਾਇਟੀ ਵੱਲੋਂ ਕਰਵਾਇਆ ਜਾਣ ਵਾਲਾ ਅੰਤਰਰਾਸ਼ਟਰੀ ਪੱਧਰ ਦਾ ਮਹਾਨ ਅਲੌਕਿਕ ਕੀਰਤਨ ਦਰਬਾਰ ਇਸ ਵਾਰ ਵੀ ਰੋਸ਼ਨ ਗਰਾਊਂਡ ਹੁਸ਼ਿਆਰਪੁਰ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਸੰਪੰਨ ਹੋਇਆ। ਇਹ ਸਮਾਗਮ ਲਗਾਤਾਰ ਪਿਛਲੇ 36 ਸਾਲਾਂ ਤੋਂ ਚੱਲ ਰਿਹਾ ਹੈ। ਇਸ ਸੁਸਾਇਟੀ ਦੀ ਖਾਸੀਅਤ ਹੈ ਕਿ ਇਹ ਸਾਰਾ ਸਾਲ ਲੋਕ ਭਲਾਈ ਦੇ ਕਾਰਜਾਂ 'ਚ ਲੱਗੀ ਰਹਿੰਦੀ ਹੈ। ਇਸ ਸਮਾਗਮ ਤੋਂ 2-3 ਮਹੀਨੇ ਪਹਿਲਾਂ ਹੀ ਲਗਭਗ 50 ਪਿੰਡਾਂ 'ਚ ਗੁਰਮਤ ਸਮਾਗਮ ਕਰਵਾਏ ਗਏ, ਜਿੱਥੇ ਹਰ ਰਾਤ ਰਾਗੀ ਜਥਿਆਂ ਨੇ ਹਾਜ਼ਰੀ ਭਰੀ ਅਤੇ ਸੰਗਤ ਮੇਲੇ ਵਾਂਗ ਪਹੁੰਚੀ। ਮੁੱਖ ਸਮਾਗਮ 'ਚ ਦਰਜਨਾਂ ਲੰਗਰ, 4 ਧਾਰਮਿਕ ਪ੍ਰਦਰਸ਼ਨੀਆਂ, ਮੈਡੀਕਲ ਕੈਂਪ ਅਤੇ ਖ਼ੂਨਦਾਨ ਕੈਂਪ ਲਗਾਏ ਗਏ।

**ਸੰਤਾਂ-ਮਹਾਂਪੁਰਸ਼ਾਂ ਦਾ ਇਕੱਠ:** ਇਸ ਮੌਕੇ ਸਾਰੀਆਂ ਸਿਆਸੀ ਪਾਰਟੀਆਂ ਦੇ ਆਗੂਆਂ ਤੋਂ ਇਲਾਵਾ ਸੰਤ ਬਾਬਾ ਪ੍ਰਿਤਪਾਲ ਸਿੰਘ ਜੀ ਮਿੱਠਾ ਟਿਵਾਣਾ ਵਾਲੇ ਅਤੇ ਉਨ੍ਹਾਂ ਨਾਲ ਲਗਭਗ 40 ਮਹਾਂਪੁਰਸ਼ਾਂ - ਨਿਹੰਗ ਸਿੰਘ, ਸੇਵਾ ਪੰਥੀ, ਨਿਰਮਲੇ ਅਤੇ ਉਦਾਸੀ ਸੰਪਰਦਾ ਦੇ ਮਹਾਂਪੁਰਸ਼ਾਂ ਨੇ ਵੱਡੀ ਗਿਣਤੀ 'ਚ ਹਾਜ਼ਰੀ ਭਰੀ।



**ਰਾਗੀ ਜਥੇ:** ਦਰਬਾਰ 'ਚ ਸੰਤ ਅਨੂਪ ਸਿੰਘ ਜੀ ਊਨਾ ਸਾਹਿਬ, ਭਾਈ ਜਗਜੀਤ ਸਿੰਘ ਜੀ ਬਬਿਆਣਾ, ਭਾਈ ਗੁਰਮੁੱਖ ਪ੍ਰੀਤ ਸਿੰਘ ਜੀ (ਦਿੱਲੀ), ਭਾਈ ਸਰਬਜੀਤ ਸਿੰਘ ਜੀ ਧੂੰਦਾ, ਭਾਈ ਰਾਏ ਸਿੰਘ ਜੀ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਭਾਈ ਗੁਰਮੀਤ ਸਿੰਘ ਜੀ ਸ਼ਾਂਤ, ਮੀਰੀ ਪੀਰੀ ਖਾਲਸਾ ਜੱਥਾ ਅਤੇ ਭਾਈ ਮਨਪ੍ਰੀਤ ਸਿੰਘ ਜੀ ਕਾਨਪੁਰ ਸਮੇਤ ਅਨੇਕਾਂ ਰਾਗੀ-ਢਾਡੀ ਜਥਿਆਂ ਨੇ ਕੀਰਤਨ ਕੀਤਾ। ਸਟੇਜ ਦੀ ਸੇਵਾ ਉੱਘੇ ਸਿੱਖ ਵਿਦਵਾਨ ਭਾਈ ਭਗਵਾਨ ਸਿੰਘ ਜੌਹਲ ਜੀ ਨੇ ਨਿਭਾਈ। ਸੁਸਾਇਟੀ ਵੱਲੋਂ ਉਨ੍ਹਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਸੁਸਾਇਟੀ ਦੇ ਮੌਜੂਦਾ ਪ੍ਰਧਾਨ ਸ. ਗੁਰਪ੍ਰੀਤ ਸਿੰਘ ਜੀ, ਜਨਰਲ ਸਕੱਤਰ ਸ. ਜਸਵਿੰਦਰ ਸਿੰਘ ਪਰਿਵਾਰ ਜੀ ਅਤੇ ਫਾਊਂਡਰ ਪ੍ਰਧਾਨ ਸਵ. ਸ. ਅਜਵਿੰਦਰ ਸਿੰਘ ਜੀ (ਹੁਸ਼ਿਆਰਪੁਰ ਆਟੋ ਮੋਬਾਈਲਜ਼) ਨੂੰ ਯਾਦ ਕੀਤਾ ਗਿਆ।

### ਪਿੰਡ ਨੰਗਲ ਦਿਆਲ ਸਿੰਘ ਤੋਂ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ

# 68ਵੀਂ ਤੀਰਥ ਯਾਤਰਾ ਬੱਸ ਨੂੰ ਕੀਤਾ ਰਵਾਨਾ



**ਜੰਡਿਆਲਾ ਗੁਰੂ, 11 ਅਕਤੂਬਰ (ਕੁਲਵੰਤ ਸਿੰਘ ਵਿਰਦੀ )** - ਸੂਬੇ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਅੱਜ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਨੰਗਲ ਦਿਆਲ ਸਿੰਘ ਤੋਂ ਹਲਕੇ ਦੀ 68ਵੀਂ ਤੀਰਥ ਯਾਤਰਾ ਬੱਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ। ਇਸ ਤੀਰਥ ਯਾਤਰਾ ਬੱਸ ਰਾਹੀਂ ਸੰਗਤ ਨੂੰ ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਕੀਰਤਪੁਰ ਸਾਹਿਬ ਅਤੇ ਸ੍ਰੀ ਨੈਣਾ ਦੇਵੀ ਧਾਮ ਦੇ ਦਰਸ਼ਨ ਕਰਵਾਏ ਜਾਣਗੇ ।ਸੰਗਤ ਨੂੰ ਰਵਾਨਾ ਕਰਨ ਮੌਕੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਚਲਾਈ ਜਾ ਰਹੀ ਹੈ, ਜਿਸ ਤਹਿਤ ਸੂਬਾ ਵਾਸੀਆਂ ਨੂੰ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਮੁਫ਼ਤ ਦਰਸ਼ਨ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਤੀਰਥ ਯਾਤਰਾ ਸ਼ੁਰੂ ਕਰਕੇ ਬਜ਼ੁਰਗਾਂ ਦੀ ਤੀਰਥ ਯਾਤਰਾ ਕਰਨ ਦੀ ਮਨੋ-ਕਾਮਨਾਂ ਪੂਰੀ ਕੀਤੀ ਹੈ ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਵੱਲੋਂ ਸੂਬੇ ਦੇ ਸ਼ਰਧਾਲੂਆਂ ਲਈ ਇਹ ਤੀਰਥ ਯਾਤਰਾ ਪੂਰੀ ਤਰ੍ਹਾਂ ਮੁਫ਼ਤ ਹੈ। ਉਨ੍ਹਾਂ ਕਿਹਾ ਕਿ ਯਾਤਰੀਆਂ ਨੂੰ ਧਾਰਮਿਕ ਸਥਾਨਾਂ ਤੱਕ ਲਿਜਾਣ ਅਤੇ ਵਾਪਸ ਲਿਆਉਣ ਤੋਂ ਇਲਾਵਾ ਯਾਤਰਾ ਦੌਰਾਨ ਰਹਿਣ-ਸਹਿਣ ਸਮੇਤ ਲੋੜੀਂਦੇ ਪ੍ਰਬੰਧ ਵੀ ਸੂਬਾ ਸਰਕਾਰ ਵੱਲੋਂ ਕੀਤੇ ਜਾਂਦੇ ਹਨ, ਤਾਂ ਜੋ ਹਰ ਵਰਗ ਦੇ ਲੋਕ ਬਿਨਾਂ ਕਿਸੇ ਆਰਥਿਕ ਬੋਝ ਦੇ ਆਪਣੀ ਧਾਰਮਿਕ ਆਸਥਾ ਅਨੁਸਾਰ ਤੀਰਥ ਅਸਥਾਨਾਂ ਦੇ ਦਰਸ਼ਨ ਕਰ ਸਕਣ ।ਕੈਬਨਿਟ ਮੰਤਰੀ ਨੇ ਦੱਸਿਆ ਕਿ ਹੁਣ ਤੱਕ ਸੂਬੇ ਭਰ ਵਿੱਚ ਪੰਜ ਲੱਖ ਤੋਂ ਵੱਧ ਯਾਤਰੀ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰ ਚੁੱਕੇ ਹਨ ਅਤੇ ਰੋਜ਼ਾਨਾ ਪੰਜਾਬ ਭਰ ਤੋਂ ਵੱਖ-ਵੱਖ ਧਾਰਮਿਕ ਅਸਥਾਨਾਂ ਲਈ ਤੀਰਥ ਯਾਤਰਾ ਲਈ ਬੱਸਾਂ ਰਵਾਨਾ ਹੋ ਰਹੀਆਂ ਹਨ ।ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਵਿੱਚ ਅੱਜ 68ਵੀਂ ਤੀਰਥ ਯਾਤਰਾ ਬੱਸ ਰਵਾਨਾ ਕੀਤੀ ਗਈ ਹੈ। ਤੀਰਥ ਯਾਤਰਾ 'ਤੇ ਜਾਣ ਵਾਲੇ ਪਿੰਡ ਨੰਗਲ ਦਿਆਲ ਸਿੰਘ ਦੇ ਬਜ਼ੁਰਗਾਂ ਨੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਮਾਨ ਸਰਕਾਰ ਨੇ ਉਨ੍ਹਾਂ ਦੀ ਮਨੋਕਾਮਨਾ ਪੂਰੀ ਕੀਤੀ ਹੈ। ਇਸ ਮੌਕੇ ਉਨ੍ਹਾਂ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਦਾ ਵੀ ਧੰਨਵਾਦ ਕੀਤਾ।

**ਹਰ ਵਰਗ ਦੇ ਲੋਕ ਬਿਨਾਂ ਕਿਸੇ ਆਰਥਿਕ ਬੋਝ ਦੇ ਆਪਣੀ ਧਾਰਮਿਕ ਆਸਥਾ ਅਨੁਸਾਰ ਤੀਰਥ ਅਸਥਾਨਾਂ ਦੇ ਕਰ ਰਹੇ ਹਨ ਦਰਸ਼ਨ - ਹਰਭਜਨ ਸਿੰਘ ਈ.ਟੀ.ਓ.**

# ਗੁਰਦੁਆਰਾ ਸਾਹਿਬ ਦੇ ਅਹਾਤੇ ਨੂੰ ਰੋਸ ਪ੍ਰਦਰਸ਼ਨਾਂ ਲਈ ਨਹੀਂ ਵਰਤਿਆ ਜਾਣਾ ਚਾਹੀਦਾ: ਵਿਕਰਮਜੀਤ ਸਿੰਘ ਸਾਹਨੀ



**ਨਵੀਂ ਦਿੱਲੀ, 11 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:- ਰਾਜ ਸਭਾ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਸ਼ਨੀਵਾਰ ਨੂੰ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਨਾਅਰੇਬਾਜ਼ੀ, ਭਾਸ਼ਣਾਂ ਅਤੇ ਪਲੇਕਾਰਡਾਂ ਸਮੇਤ ਕੀਤੇ ਗਏ ਰੋਸ ਪ੍ਰਦਰਸ਼ਨਾਂ ਦੀ ਸਖ਼ਤ ਨਿਖੇਧੀ ਕੀਤੀ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬ ਇਬਾਦਤ ਅਤੇ ਸੇਵਾ ਦਾ ਪਵਿੱਤਰ ਸਥਾਨ ਹੈ, ਨਾ ਕਿ ਸਿਆਸੀ ਪ੍ਰਦਰਸ਼ਨਾਂ ਦੀ ਥਾਂ। ਉਨ੍ਹਾਂ ਕਿਹਾ ਕਿ ਸਿੱਖ ਪਰੰਪਰਾ ਹਰ ਕਿਸੇ ਦਾ ਲੰਗਰ ਅਤੇ ਰਿਹਾਇਸ਼ ਨਾਲ ਸਵਾਗਤ ਕਰਦੀ ਹੈ, ਭਾਵੇਂ ਉਨ੍ਹਾਂ ਦਾ ਪਿਛੋਕੜ ਜਾਂ ਮਕਸਦ ਕੁਝ ਵੀ ਹੋਵੇ, ਪਰ ਇਸ ਖੁੱਲ੍ਹਦਿਲੀ ਦੀ ਦੁਰਵਰਤੋਂ ਨਹੀਂ ਕੀਤੀ ਜਾਣੀ ਚਾਹੀਦੀ। ਡਾ. ਸਾਹਨੀ ਨੇ ਤੱਥ ਸਪੱਸ਼ਟ ਕਰਦਿਆ ਦੱਸਿਆ ਕਿ ਦਿੱਲੀ ਪੁਲਿਸ ਦੇ ਕਰਮਚਾਰੀ ਸਿਰਫ਼ ਜੁੱਤੀ-ਘਰ ਵਾਲੇ ਨਿਰਧਾਰਤ ਰਸਤੇ ਤੋਂ ਲੰਘੇ ਸਨ ਅਤੇ ਮੁੱਖ ਗੁਰਦੁਆਰਾ ਕੰਪਲੈਕਸ ਵਿੱਚ ਦਾਖਲ ਨਹੀਂ ਹੋਏ। ਇਹ ਘਟਨਾ ਸਵੇਰੇ ਕਰੀਬ 11 ਵਜੇ ਵਾਪਰੀ ਸੀ। ਪ੍ਰਦਰਸ਼ਨਕਾਰੀ ਦੁਪਹਿਰ ਕਰੀਬ 1 ਵਜੇ ਇਕੱਠੇ ਹੋਏ। ਉਨ੍ਹਾਂ ਇਸ ਗੱਲ 'ਤੇ ਚਿੰਤਾ ਪ੍ਰਗਟਾਈ ਕਿ ਗੁਰਦੁਆਰਾ ਸਾਹਿਬ ਦੇ ਸੇਵਾਦਾਰਾਂ ਵੱਲੋਂ ਮਨ੍ਹਾ ਕਰਨ ਦੇ ਬਾਵਜੂਦ ਅਹਾਤੇ ਦੇ ਅੰਦਰ ਨਾਅਰੇਬਾਜ਼ੀ ਕੀਤੀ ਗਈ ਅਤੇ ਪਲੇਕਾਰਡ ਦਿਖਾਏ ਗਏ। ਉਨ੍ਹਾਂ ਕਿਹਾ ਕਿ ਲੰਗਰ ਜਾਂ ਰਿਹਾਇਸ਼ ਲਈ ਆਉਣ ਵਾਲੇ ਸ਼ਾਂਤਮਈ ਸ਼ਰਧਾਲੂਆਂ ਦਾ ਗੁਰਦੁਆਰਾ ਸਾਹਿਬ ਵਿਖੇ ਹਮੇਸ਼ਾ ਸਵਾਗਤ ਕੀਤਾ ਜਾਂਦਾ ਹੈ। ਡਾ. ਸਾਹਨੀ ਨੇ ਕਿਹਾ ਕਿ ਪ੍ਰਦਰਸ਼ਨਕਾਰੀਆਂ ਨੂੰ ਮਾਨਵਤਾਵਾਦੀ ਮਦਦ ਦੇਣ ਅਤੇ ਇਬਾਦਤਗਾਹ ਨੂੰ ਰੋਸ ਪ੍ਰਦਸ਼ਨ ਵਾਲੀ ਥਾਂ ਵਿੱਚ ਤਬਦੀਲ ਕਰਨ ਵਿਚਕਾਰ ਇੱਕ ਸਪੱਸ਼ਟ ਲਕੀਰ ਦਾ ਸਤਿਕਾਰ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ, "ਸਾਡੇ ਗੁਰਦੁਆਰੇ ਸੇਵਾ, ਹਮਦਰਦੀ ਅਤੇ ਸਰਵ-ਸਾਂਝੇ ਭਾਈਚਾਰੇ ਦੇ ਪ੍ਰਤੀਕ ਹਨ। ਆਓ ਅਸੀਂ ਇਨ੍ਹਾਂ ਦੀ ਪਵਿੱਤਰਤਾ ਨੂੰ ਬਰਕਰਾਰ ਰੱਖੀਏ ਅਤੇ ਅਜਿਹੀਆਂ ਘਟਨਾਵਾਂ ਨੂੰ ਸਮਾਜ ਵਿੱਚ ਨਫ਼ਰਤ ਫੈਲਾਉਣ ਜਾਂ ਵੰਡੀਆਂ ਪਾਉਣ ਦਾ ਕਾਰਨ ਨਾ ਬਣਨ ਦੇਈਏ।"

# ਵਿਸ਼ਵ ਮਾਨਸਿਕ ਸਿਹਤ ਦਿਵਸ ਅਤੇ ਅੰਤਰਰਾਸ਼ਟਰੀ ਬਾਲੜੀ ਦਿਵਸ ਦੇ ਸੁਮੇਲ ਨੇ ਸਰਹੱਦੀ ਖੇਤਰ ਵਿੱਚ ਜ਼ਮੀਨੀ ਪੱਧਰ 'ਤੇ ਕਾਨੂੰਨੀ ਜਾਗਰੂਕਤਾ ਦੀ ਇੱਕ ਨਵੀਂ ਲਹਿਰ ਪੈਦਾ ਕੀਤੀ



**ਅੰਮ੍ਰਿਤਸਰ, 11 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਸ਼ਹਿਰ ਦੇ ਬਾਹਰਵਾਰ ਇੱਕ ਪੇਂਡੂ ਵਿਹੜੇ ਵਿੱਚ, ਇੱਕ ਨੌਜਵਾਨ ਲੜਕੀ ਧਿਆਨ ਨਾਲ ਸੁਣ ਰਹੀ ਸੀ ਜਦੋਂ ਕਾਨੂੰਨੀ ਮਾਹਿਰ ਉਸ ਨੂੰ ਸਮਝਾ ਰਹੇ ਸਨ ਕਿ ਉਸਦੀ ਸਿਹਤ, ਮਾਣ-ਸਨਮਾਨ ਅਤੇ ਸੁਪਨਿਆਂ ਦੀ ਰਾਖੀ ਸੰਵਿਧਾਨਕ ਅਧਿਕਾਰਾਂ ਵੱਲੋਂ ਕੀਤੀ ਜਾਂਦੀ ਹੈ। ਦੂਜੇ ਪਾਸੇ ਸ਼ਹਿਰ ਦੇ ਹਸਪਤਾਲਾਂ ਦੇ ਵਾਰਡਾਂ ਅਤੇ ਪੇਂਡੂ ਭਾਈਚਾਰਕ ਕੇਂਦਰਾਂ ਵਿੱਚ, ਉਹਨਾਂ ਵਿਸ਼ਿਆਂ 'ਤੇ ਖੁੱਲ੍ਹ ਕੇ ਗੱਲ ਕੀਤੀ ਗਈ ਜਿਨ੍ਹਾਂ ਨੂੰ ਕਦੇ ਸਮਾਜ ਵਿੱਚ ਛੁਪਾਇਆ ਜਾਂਦਾ ਸੀ: ਇਹ ਸਵੀਕਾਰ ਕਰਦਿਆਂ ਕਿ ਮਾਨਸਿਕ ਸਿਹਤ ਮਨੁੱਖੀ ਜੀਵਨ ਲਈ ਓਨੀ ਹੀ ਜ਼ਰੂਰੀ ਹੈ ਜਿੰਨਾ ਕਿ ਸਾਹ ਲੈਣਾ। 10 ਅਕਤੂਬਰ ਤੋਂ 11 ਅਕਤੂਬਰ ਦਰਮਿਆਨ, ਅੰਮ੍ਰਿਤਸਰ ਨੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ (ਡੀ.ਐਲ.ਐਸ.ਏ.), ਅੰਮ੍ਰਿਤਸਰ ਦੀ ਅਗਵਾਈ ਹੇਠ ਇੱਕ ਵਿਸ਼ੇਸ਼ ਸਮਾਜਿਕ ਜਾਗਰੂਕਤਾ ਮੁਹਿੰਮ ਦੇਖੀ। ਇਹ ਸਮਝਦੇ ਹੋਏ ਕਿ ਕਿਸੇ ਸਮਾਜ ਦੀ ਮਾਨਸਿਕ ਮਜ਼ਬੂਤੀ ਆਪਣੀਆਂ ਧੀਆਂ ਨੂੰ ਦਿੱਤੇ ਜਾਣ ਵਾਲੇ ਮਾਣ-ਸਨਮਾਨ ਅਤੇ ਸੁਰੱਖਿਆ ਨਾਲ ਜੁੜੀ ਹੋਈ ਹੈ, ਸਮਰਪਿਤ ਟੀਮਾਂ ਨੇ ਇਨਸਾਫ਼, ਸਨਮਾਨ ਅਤੇ ਸਿਹਤ ਸਬੰਧੀ ਜਾਗਰੂਕਤਾ ਨੂੰ ਲੋਕਾਂ ਦੇ ਬੂਹੇ ਤੱਕ ਪਹੁੰਚਾਉਣ ਲਈ ਵਿਆਪਕ ਮੁਹਿੰਮ ਚਲਾਈ। ਹਰ ਸਾਲ 10 ਅਕਤੂਬਰ ਨੂੰ ਮਨਾਇਆ ਜਾਣ ਵਾਲਾ ਵਿਸ਼ਵ ਮਾਨਸਿਕ ਸਿਹਤ ਦਿਵਸ ਪਹਿਲੀ ਵਾਰ 1992 ਵਿੱਚ 'ਵਰਲਡ ਫੈਡਰੇਸ਼ਨ ਫਾਰ ਮੈਂਟਲ ਹੈਲਥ' ਵੱਲੋਂ ਰਿਚਰਡ ਹੰਟਰ ਦੀ ਅਗਵਾਈ ਵਿੱਚ ਸ਼ੁਰੂ ਕੀਤਾ ਗਿਆ ਸੀ। ਇਹ ਮੁਹਿੰਮ ਹੁਣ ਮਾਨਸਿਕ ਪ੍ਰੇਸ਼ਾਨੀਆਂ ਨੂੰ ਸਮਝਣ, ਸਮਾਜਿਕ ਝਿਜਕ ਨੂੰ ਖ਼ਤਮ ਕਰਨ ਅਤੇ ਮਨੋਵਿਗਿਆਨਕ ਸਿਹਤ ਸੰਭਾਲ ਨੂੰ ਇੱਕ ਅਟੁੱਟ ਮਨੁੱਖੀ ਅਧਿਕਾਰ ਵਜੋਂ ਸਥਾਪਿਤ ਕਰਨ ਲਈ ਇੱਕ ਅੰਤਰਰਾਸ਼ਟਰੀ ਅੰਦੋਲਨ ਬਣ ਚੁੱਕੀ ਹੈ। ਇਸ ਤੋਂ ਠੀਕ ਚੌਵੀ ਘੰਟੇ ਬਾਅਦ, 11 ਅਕਤੂਬਰ ਨੂੰ, ਅੰਤਰਰਾਸ਼ਟਰੀ ਬਾਲੜੀ ਦਿਵਸ ਦੇ ਮੌਕੇ 'ਤੇ ਲਿੰਗ ਸਮਾਨਤਾ, ਮਾਣ-ਸਨਮਾਨ ਅਤੇ ਬੱਚਿਆਂ ਦੇ ਅਧਿਕਾਰਾਂ 'ਤੇ ਧਿਆਨ ਕੇਂਦਰਿਤ ਕੀਤਾ ਗਿਆ। ਸੰਯੁਕਤ ਰਾਸ਼ਟਰ ਮਹਾਸਭਾ ਵੱਲੋਂ ਦਸੰਬਰ 2011 ਵਿੱਚ ਮਤੇ 66/170 ਰਾਹੀਂ ਸਥਾਪਿਤ ਕੀਤਾ ਗਿਆ ਇਹ ਦਿਵਸ ਪਹਿਲੀ ਵਾਰ 2012 ਵਿੱਚ ਮਨਾਇਆ ਗਿਆ ਸੀ। ਇਹ ਦਿਵਸ ਇਤਿਹਾਸਕ 1995 ਦੇ ਬੀਜਿੰਗ ਐਲਾਨਨਾਮੇ ਦੇ ਵਾਅਦਿਆਂ ਨੂੰ ਦੁਹਰਾਉਂਦਾ ਹੈ, ਜਿਸ ਵਿੱਚ ਸਿੱਖਿਆ ਤੱਕ ਬਰਾਬਰ ਪਹੁੰਚ, ਹਿੰਸਾ ਵਿਰੁੱਧ ਸੁਰੱਖਿਆ ਅਤੇ ਲਿੰਗਕ ਵਿਤਕਰੇ ਦੇ ਮੁਕੰਮਲ ਖ਼ਾਤਮੇ ਦੀ ਮੰਗ ਕੀਤੀ ਗਈ ਹੈ। ਮੌਜੂਦਾ ਪੰਜਾਬ ਦੇ ਸੰਦਰਭ ਵਿੱਚ ਇਹਨਾਂ ਦੋਹਾਂ ਦਿਵਸਾਂ ਦੀ ਮਹੱਤਤਾ ਬਹੁਤ ਡੂੰਘੀ ਹੈ। ਦਹਾਕਿਆਂ ਤੋਂ, ਸੂਬੇ ਨੇ ਮਰਦ-ਪ੍ਰਧਾਨ ਸੋਚ ਅਤੇ ਆਰਥਿਕ ਕਾਰਨਾਂ ਕਰਕੇ ਬਾਲ ਲਿੰਗ ਅਨੁਪਾਤ ਦੇ ਅਸੰਤੁਲਨ ਦਾ ਸਾਹਮਣਾ ਕੀਤਾ ਹੈ। ਹਾਲਾਂਕਿ ਕਾਨੂੰਨੀ ਸਖ਼ਤੀ ਅਤੇ ਸਮਾਜਿਕ ਜਾਗਰੂਕਤਾ ਕਾਰਨ ਇਸ ਵਿੱਚ ਕਾਫ਼ੀ ਸੁਧਾਰ ਆਇਆ ਹੈ, ਪਰ ਹੁਣ ਅਸਲ ਸੰਘਰਸ਼ ਡੂੰਘੀ ਸਮਾਜਿਕ ਸਮਾਨਤਾ ਲਈ ਹੈ: ਜਿਵੇਂ ਕਿ ਡਿਜੀਟਲ ਸਾਖਰਤਾ, ਉੱਚ ਸਿੱਖਿਆ ਦੀ ਨਿਰੰਤਰਤਾ, ਨੌਜਵਾਨਾਂ ਵਿੱਚ ਮਾਨਸਿਕ ਤਣਾਅ ਨੂੰ ਦੂਰ ਕਰਨਾ ਅਤੇ ਪੇਂਡੂ ਪਰਿਵਾਰਾਂ ਵਿੱਚੋਂ ਲਿੰਗਕ ਵਿਤਕਰੇ ਨੂੰ ਜੜ੍ਹੋਂ ਖ਼ਤਮ ਕਰਨਾ। ਇਹਨਾਂ ਮੁਹਿੰਮਾਂ ਦੇ ਮੁੱਖ ਮਕਸਦ ਬਾਰੇ ਚਾਨਣਾ ਪਾਉਂਦਿਆਂ, ਅਮਰਦੀਪ ਸਿੰਘ ਬੈਂਸ, ਚੀਫ਼ ਜੁਡੀਸ਼ੀਅਲ ਮੈਜਿਸਟ੍ਰੇਟ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਨੇ ਸੰਬੋਧਨ ਕਰਦਿਆਂ ਕਿਹਾ ਕਿ "ਇੱਕ ਸੱਭਿਅਕ ਸਮਾਜ ਦੀ ਅਸਲ ਪਛਾਣ ਇਸ ਗੱਲ ਤੋਂ ਹੁੰਦੀ ਹੈ ਕਿ ਉਸ ਦੀਆਂ ਧੀਆਂ ਕਿੰਨੀ ਨਿਡਰਤਾ ਨਾਲ ਆਪਣੇ ਸੁਪਨੇ ਸਾਕਾਰ ਕਰ ਸਕਦੀਆਂ ਹਨ ਅਤੇ ਉਹ ਸਮਾਜ ਆਪਣੇ ਨਾਗਰਿਕਾਂ ਦੀਆਂ ਮਾਨਸਿਕ ਪ੍ਰੇਸ਼ਾਨੀਆਂ ਨੂੰ ਕਿੰਨੀ ਹਮਦਰਦੀ ਨਾਲ ਦੂਰ ਕਰਦਾ ਹੈ। ਕਾਨੂੰਨੀ ਸਹਾਇਤਾ ਸਿਰਫ਼ ਅਦਾਲਤਾਂ ਤੱਕ ਸੀਮਤ ਨਹੀਂ ਹੈ; ਇਸ ਦਾ ਮੁੱਖ ਮਕਸਦ ਇਹ ਯਕੀਨੀ ਬਣਾਉਣਾ ਹੈ ਕਿ ਕੋਈ ਵੀ ਵਿਅਕਤੀ ਖਾਮੋਸ਼ੀ ਵਿੱਚ ਦੁੱਖ ਨਾ ਝੱਲੇ—ਭਾਵੇਂ ਉਹ ਮਾਨਸਿਕ ਤਣਾਅ ਹੋਵੇ ਜਾਂ ਸਮਾਜਿਕ ਅਸਮਾਨਤਾ ਦਾ ਬੋਝ। ਸਾਡੇ ਪੈਨਲ ਐਡਵੋਕੇਟ ਅਤੇ ਪੈਰਾ-ਲੀਗਲ ਵਾਲੰਟੀਅਰ ਜ਼ਮੀਨੀ ਪੱਧਰ 'ਤੇ ਕੰਮ ਕਰ ਰਹੇ ਹਨ ਤਾਂ ਜੋ ਸੰਵਿਧਾਨਕ ਸੁਰੱਖਿਆ ਅਤੇ ਕਾਨੂੰਨੀ ਮਦਦ ਪੰਜਾਬ ਦੇ ਹਰ ਪਰਿਵਾਰ ਦੀ ਪਹੁੰਚ ਵਿੱਚ ਹੋਵੇ। ਕਾਨੂੰਨੀ ਸਹਾਇਤਾ ਸਿਰਫ਼ ਅਦਾਲਤਾਂ ਤੱਕ ਸੀਮਤ ਨਹੀਂ ਹੈ; ਇਸ ਦਾ ਮੁੱਖ ਮਕਸਦ ਇਹ ਯਕੀਨੀ ਬਣਾਉਣਾ ਹੈ ਕਿ ਕੋਈ ਵੀ ਵਿਅਕਤੀ ਖਾਮੋਸ਼ੀ ਵਿੱਚ ਦੁੱਖ ਨਾ ਝੱਲੇ—ਭਾਵੇਂ ਉਹ ਮਾਨਸਿਕ ਤਣਾਅ ਹੋਵੇ ਜਾਂ ਸਮਾਜਿਕ ਅਸਮਾਨਤਾ ਦਾ ਬੋਝ। ਸਾਡੇ ਪੈਨਲ ਐਡਵੋਕੇਟ ਅਤੇ ਪੈਰਾ-ਲੀਗਲ ਵਾਲੰਟੀਅਰ ਜ਼ਮੀਨੀ ਪੱਧਰ 'ਤੇ ਕੰਮ ਕਰ ਰਹੇ ਹਨ ਤਾਂ ਜੋ ਸੰਵਿਧਾਨਕ ਸੁਰੱਖਿਆ ਅਤੇ ਕਾਨੂੰਨੀ ਮਦਦ ਪੰਜਾਬ ਦੇ ਹਰ ਪਰਿਵਾਰ ਦੀ ਪਹੁੰਚ ਵਿੱਚ ਹੋਵੇ। ਇਲਾਕਾ ਨਿਵਾਸੀਆਂ ਨੂੰ ਇਹ ਵੀ ਦੱਸਿਆ ਗਿਆ ਕਿ ਕੋਈ ਵੀ ਵਿਅਕਤੀ ਜੋ ਮੁਫ਼ਤ ਕਾਨੂੰਨੀ ਸਹਾਇਤਾ ਜਾਂ ਸਲਾਹ ਲੈਣਾ ਚਾਹੁੰਦਾ ਹੈ, ਉਹ 24 ਘੰਟੇ ਰਾਜ ਪੱਧਰੀ ਟੋਲ-ਫ੍ਰੀ ਹੈਲਪਲਾਈਨ ਨੰਬਰ 15100 'ਤੇ ਸੰਪਰਕ ਕਰ ਸਕਦਾ ਹੈ। ਅੰਮ੍ਰਿਤਸਰ ਦੇ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਚਲਾਈ ਗਈ ਇਹ ਦੋਹਰੀ ਮੁਹਿੰਮ ਇਸ ਗੱਲ ਦਾ ਸਬੂਤ ਹੈ ਕਿ ਜਦੋਂ ਕਾਨੂੰਨੀ ਇਨਸਾਫ਼ ਅਤੇ ਮਨੁੱਖੀ ਹਮਦਰਦੀ ਇਕੱਠੇ ਮਿਲ ਕੇ ਕੰਮ ਕਰਦੇ ਹਨ, ਤਾਂ ਸਮਾਜ ਵਿੱਚ ਅਸਲ ਸੁਧਾਰ ਅਤੇ ਬਦਲਾਅ ਦੀ ਨੀਂਹ ਮਜ਼ਬੂਤ ਹੁੰਦੀ ਹੈ।

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ
ਖਾਲਸਾ ਭਿੰਡਰਾਂਵਾਲੇ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)
(ਬੱਕਰਾਂ ਦੇ ਹਾਈ ਕੋਰਟ)

ਮਿਤੀ 1 ਨਵੰਬਰ 2026 ਦਿਨ ਐਤਵਾਰ
ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।
ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।**



## 30 ਅਕਤੂਬਰ 2026 ਦਿਨ ਸ਼ੁੱਕਰਵਾਰ
ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

## 1 ਨਵੰਬਰ 2026 ਦਿਨ ਐਤਵਾਰ ਨੂੰ
ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404